Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to$90,000 in government bonds & grants.
Contact : 647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6



ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post



JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit punjabipost.ca/epaper | Vol 21* Issue 187 | Wednesday, September 28, 2022 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ


# ਵਿਧਾਨਸਭਾ ਵਿਚ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ: ਕਾਂਗਰਸ ਅਤੇ ਭਾਜਪਾ ਵੱਲੋਂ ਜਮਹੂਰੀ ਤਰੀਕੇ ਨਾਲ ਚੁਣੀ ਸਰਕਾਰ ਨੂੰ ਭੰਗ ਕਰਨ ਲਈ ਪਾਈ ਸਾਂਝ ਕਾਰਨ ਵਿਸ਼ਵਾਸ ਮਤਾ ਜ਼ਰੂਰੀ

## ਪੰਜਾਬ ਵਿਧਾਨ ਸਭਾ ਵਿੱਚ ਵਿਸ਼ਵਾਸ ਮਤਾ ਪੇਸ਼ * ਮੁੱਖ ਮੰਤਰੀ ਨੇ ਕਿਹਾ: ਕਾਂਗਰਸ ਅਤੇ ਭਾਜਪਾ ਨੂੰ ਇਕੋ ਸਿੱਕੇ ਦੇ ਦੋ ਪਹਿਲੂ

ਚੰਡੀਗੜ੍ਹ, 27 ਸਤੰਬਰ (ਪੋਸਟ ਬਿਊਰੋ): ਕਾਂਗਰਸ ਤੇ ਭਾਜਪਾ ਨੂੰ ਇਕੋ ਸਿੱਕੇ ਦੇ ਦੋ ਪਹਿਲੂ ਦੱਸਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕਿਹਾ ਕਿ ਵਿਧਾਨ ਸਭਾ ਵਿੱਚ ਵਿਸ਼ਵਾਸ ਮਤਾ ਲਿਆਉਣਾ ਇਸ ਕਰ ਕੇ ਜ਼ਰੂਰੀ ਸੀ ਕਿਉਂਕਿ ਦੋਵਾਂ ਪਾਰਟੀਆਂ ਨੇ ਸੂਬੇ ਵਿੱਚ ਜਮਹੂਰੀ ਤਰੀਕੇ ਨਾਲ ਚੁਣੀ ਹੋਈਆਂ ਸਰਕਾਰਾਂ ਨੂੰ ਤੋੜਨ ਲਈ ਹੱਥ ਮਿਲਾ ਲਿਆ ਹੈ।

ਵਿਧਾਨ ਸਭਾ ਵਿੱਚ ਵਿਸ਼ਵਾਸ ਮਤਾ ਪੇਸ਼ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਦੇਸ਼ ਭਰ ਵਿੱਚ ਪਿਛਲੇ ਦਰਵਾਜ਼ਿਓ ਆਪਣੀਆਂ ਸਰਕਾਰਾਂ ਬਣਾਉਣ ਲਈ ਦਲ-ਬਦਲੀ ਵਿਰੋਧੀ ਕਾਨੂੰਨ ਦੀ ਵਰਤੋਂ ਨਵੇਂ ਹਥਿਆਰ ਵਜੋਂ ਕਰ ਰਹੀ ਹੈ ਅਤੇ ਬਦਕਿਸਮਤੀ ਨਾਲ ਇਸ ਦੀ ਸਭ ਤੋਂ ਵੱਡੀ ਪੀੜਤ ਹੋਣ ਦੇ ਬਾਵਜੂਦ ਕਾਂਗਰਸ ਇਸ ਦੀ ਹਮਾਇਤ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਨੇ ਵਿਧਾਇਕਾਂ ਨੂੰ ਲੁਭਾ ਕੇ ਮੱਧ ਪ੍ਰਦੇਸ਼, ਮਹਾਰਾਸ਼ਟਰ, ਕਰਨ-ਾਟਕ ਤੇ ਹੋਰ ਸੂਬਿਆਂ ਵਿੱਚ ਚੁਣੀਆਂ ਹੋਈਆਂ ਸਰਕਾਰਾਂ ਭੰਗ ਕੀਤੀਆਂ ਹਨ।



ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਤਿੰਨ ਦਫ਼ਾ ਸਰਕਾਰ ਭੰਗ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ ਅਤੇ ਹੁਣ ਪੰਜਾਬ ਵਿੱਚ ਪੈਸੇ ਨਾਲ ਵਿਧਾਇਕਾਂ ਨੂੰ ਖਰੀਦਣ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ। ਭਗਵੰਤ ਮਾਨ ਨੇ ਕਿਹਾ ਕਿ ਭਾਜਪਾ ਸੂਬੇ ਵਿੱਚ ਸੱਤਾ ਹਾਸਲ ਦੀ ਮ੍ਰਿਗ ਤ੍ਰਿਸ਼ਨਾ ਪਿੱਛੇ ਭੱਜ ਰਹੀ ਹੈ ਅਤੇ ਇਸ ਕਦਮ ਰਾਹੀਂ ਉਹ 'ਦੁੱਕੀਆਂ ਨਾਲ ਆਪ ਦੇ ਯੱਕੇ ਖਰੀਦਣ' ਦੀਆਂ ਕੋਸ਼ਿਸ਼ਾਂ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਪੈਸੇ ਦੇ ਬੈਗਾਂ ਦੀ ਵਰਤੋਂ ਕਰ ਕੇ ਜਮਹੂਰੀਅਤ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਪਾ ਰਹੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਕਾਂਗਰਸ ਵੀ ਇਹੋ ਕਰਦੀ ਰਹੀ ਹੈ ਅਤੇ ਹੁਣ ਇਹ ਭਗਵਾ ਪਾਰਟੀ ਕਾਂਗਰਸ ਦੇ ਨਕਸ਼ੇ ਕਦਮ ਉਤੇ ਚੱਲ ਰਹੀ ਹੈ। ਕਾਂਗਰਸ ਤੇ ਭਾਜਪਾ ਦੀ ਸਾਂਝ ਦਾ ਹਵਾਲਾ ਦਿੰਦਿਆਂ ਭਗਵੰਤ ਮਾਨ ਨੇ ਕਿਹਾ ਕਿ ਕਾਂਗਰਸ ਦੀ ਲੀਡਰਸ਼ਿਪ ਨੇ ਕੰਨਿਆਕੁਮਾਰੀ ਤੋਂ ਕਸ਼ਮੀਰ ਤੱਕ 'ਭਾਰਤ ਜੋੜੋ ਯਾਤਰਾ' ਸ਼ੁਰੂ ਕੀਤੀ ਹੈ ਪਰ ਇਸ ਯਾਤਰਾ ਦੌਰਾਨ ਗੁਜਰਾਤ ਤੇ ਹਿਮਾਚਲ ਪ੍ਰਦੇਸ਼ ਵਰਗੇ ਰਾਜਾਂ ਤੋਂ ਜਾਣਬੁੱਝ ਕੇ ਦੂਰੀ ਰੱਖੀ ਗਈ ਹੈ ਤਾਂ ਕਿ ਚੋਣਾਂ ਵਿੱਚ ਭਾਜਪਾ ਨੂੰ ਲਾਹਾ ਦਿੱਤਾ ਜਾ ਸਕੇ। ...ਬਾਕੀ ਪੰਨਾ 3 'ਤੇ

# ਵਿਧਾਨਸਭਾ ਦੇ ਬਾਹਰ ਕਾਂਗਰਸੀ ਵਿਧਾਇਕਾਂ ਨੇ ਚਲਾਇਆ 'ਇਜਲਾਸ'



ਚੰਡੀਗੜ੍ਹ, 27 ਸਤੰਬਰ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਵਿੱਚ ਇਜਲਾਸ ਦੇ ਪਹਿਲੇ ਦਿਨ ਅੱਜ ਸਪੀਕਰ ਵੱਲੋਂ ਵਿਰੋਧੀ ਧਿਰ ਨੂੰ ਬਾਹਰ ਦਾ ਰਾਹ ਦਿਖਾਉਣ 'ਤੇ ਰੋਹ 'ਚ ਆਏ ਕਾਂਗਰਸੀ ਵਿਧਾਇਕਾਂ ਨੇ ਵਿਧਾਨ ਸਭਾ ਦੇ ਬਾਹਰ ਹੰਗਾਮਾ ਕਰਦਿਆਂ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਕਾਂਗਰਸੀ ਵਿਧਾਇਕਾਂ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੀ ਅਗਵਾਈ 'ਚ ਵਿਧਾਨ ਸਭਾ ਦੇ ਬਾਹਰ ਰੋਸ ਧਰਨਾ ਦਿੱਤਾ ਅਤੇ ਮੌਕ ਸੈਸ਼ਨ ਵੀ ਚਲਾਇਆ। ਇਸ ਦੌਰਾਨ ਕਾਂਗਰਸੀ ਵਿਧਾਇਕਾਂ ਨੇ 'ਅਪਰੇਸ਼ਨ ਲੋਟਸ' ਨੂੰ ਭਗਵੰਤ ਮਾਨ ਸਰਕਾਰ ਦੀ ਕਲਪਨਾ ਕਰਾਰ ਦਿੱਤਾ ਤੇ ਭਰੋਸਗੀ ਮਤੇ ਦੀ ਆਲੋਚਨਾ ਕੀਤੀ।

ਕਾਂਗਰਸੀ ਵਿਧਾਇਕਾਂ ਨੂੰ ਸੰਬੋਧਨ ਕਰਦਿਆਂ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅੱਜ ਵਿਧਾਨ ਸਭਾ 'ਚ ਭਰੋਸਗੀ ਮਤਾ ਕਾਇਦੇ ਕਾਨੂੰਨ ਨੂੰ ਛਿੱਕੇ ਟੰਗ ਕੇ ਲੈ ਕੇ ਆਏ ਹਨ। ਉਨ੍ਹਾਂ ਕਿਹਾ ਕਿ ਜਿਸ ਮਤੇ ਨੂੰ ਰਾਜਪਾਲ ਨੇ ਪ੍ਰਵਾਨਗੀ ਨਹੀਂ ਦਿੱਤੀ ਉਸ ਮਤੇ ਨੂੰ ਸਪੀਕਰ ਨੇ ਪ੍ਰਵਾਨਗੀ ਦੇ ਕੇ ਲੋਕਰਾਜੀ ਕਦਰਾਂ ਕੀਮਤਾਂ ਦਾ ਘਾਣ ਕੀਤਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸੀ ਵਿਧਾਇਕਾਂ ਨੂੰ ਸਦਨ 'ਚੋਂ ਬਾਹਰ ਕੱਢਣਾ ਜਮਹੂਰੀਅਤ ਦਾ ਕਤਲ ਹੈ। ਬਾਜਵਾ ਨੇ ਕਿਹਾ ਕਿ ਵਿਰੋਧੀ ਧਿਰਾਂ ਨੇ ਕਦੇ ਵੀ ਸਰਕਾਰ ਵਿਰੁੱਧ ਬੇਭਰੋਸਗੀ ਮਤੇ ਦੀ ਮੰਗ ਨਹੀਂ ਸੀ ਕੀਤੀ, ਇਸ ਲਈ ਸਦਨ 'ਚ ਬਹੁਮਤ ਸਾਬਤ ਕਰਨ ਦੀ ਕੋਈ ਲੋੜ ਨਹੀਂ ਸੀ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਮੰਗ ਕੀਤੀ ਕਿ ਸਦਨ ਨੂੰ ਗੁਮਰਾਹ ਤੇ ਰਾਜਪਾਲ ਨੂੰ ਧੋਖੇ 'ਚ ਰੱਖਣ 'ਤੇ ਮੁੱਖ ਮੰਤਰੀ ਭਗਵੰਤ ਮਾਨ ਖ਼ਿਲਾਫ਼ ਕੇਸ ਦਰਜ ਹੋਣਾ ਚਾਹੀਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਲੋਕਾਂ ਦਾ ਧਿਆਨ ਭਖਦੇ ਮੁੱਦਿਆਂ ਤੋਂ ਲਾਂਭੇ ਕਰਨ ਲਈ 'ਅਪਰੇਸ਼ਨ ਲੋਟਸ ' ਦਾ ਰੌਲਾ ਪਾਇਆ ਗਿਆ ਹੈ ਜਦੋਂ ਕਿ ਵਿਰੋਧੀ ਧਿਰ ਜਨਤਕ ਮਸਲਿਆਂ 'ਤੇ ਗੱਲ ਕਰਨਾ ਚਾਹੁੰਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਵਿਰੋਧੀ ਧਿਰ ਦੇ ਮੈਂਬਰਾਂ ਨੂੰ 'ਦੁੱਕੀ' ਕਹਿਣਾ ਅਪਮਾਨਜਨਕ ਹੈ। ਪੰਜਾਬ ਕਾਂਗਰਸ ਦੇ ਪ੍ਰਧਾਨ ਅਤੇ ਵਿਧਾਇਕ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਚੁਣੌਤੀ ਦਿੱਤੀ ਕਿ ਜੇਕਰ ਸਰਕਾਰ ਬਹੁਮਤ ਸਾਬਤ ਕਰਨ ਲਈ ਏਨੀ ਹੀ ਕਾਹਲੀ ਹੈ ਤਾਂ ਮੁੜ ਅਸੈਂਬਲੀ ਚੋਣਾਂ ਕਰਾ ਕੇ ਲੋਕਾਂ ਦਾ ਭਰੋਸਾ ਕਿਉਂ ਨਹੀਂ ਹਾਸਲ ਕਰ ਲੈਂਦੀ। ਉਨ੍ਹਾਂ ਕਿਹਾ ਕਿ 'ਅਪਰੇਸ਼ਨ ਲੋਟਸ' ਮਹਿਜ਼ ਡਰਾਮਾ ਹੈ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਜਿੱਥੇ ਵੀ ਚੋਣਾਂ ਲੜਦੀ ਹੈ, ਉੱਥੇ ਕਾਂਗਰਸ ਨੂੰ ਨੁਕਸਾਨ ਤੇ ਭਾਜਪਾ ਨੂੰ ਫਾਇਦਾ ਪਹੁੰਚਾਉਂਦੀ ਹੈ।


AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Aaxel InsuranceBrokers Ltd. | 1332 Khalsa Dr, Unit # 11, Mississauga, ON L5S 0A2

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

MUFFIN'S
Pure Vegetarian
INDIAN SWEETS & RESTAURANT
CALL (905)794-3007
NOW OPEN AT EMBASSY GRAND PLAZA
#6-8770 THE GORE RD, BRAMPTON, ON L6P 0B1
SPECIAL OFFER
FREE CHOLE BHATURE WHEN YOU SPEND OVER $20
TIFFEN SERVICES ARE ALSO AVAILABLE

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

OURR HOME & APPLIANCES
UPGRADE TO SMART SCREEN FRIDGE IN JUST $499
FALL
For Ourr Exclusive Deals
PRICE $4699
KitchenAid | moffat | MAYTAG | LG | SAMSUNG | Electrolux | JENNAIR | BOSCH | Whirlpool
Unit #1, 241 Clarence, St Brampton, ON L6W 3E7 | 44 Fasken Dr, # 2-9 Etobicoke, ON M9W 5M8 | Unit #6 410 Lewis Road, Stoney Creek, ON L8E 5Y7 | Unit #4 - 1540 Fanshawe Park Road West London, ON N6H 5L8 | 5781 Highway 7 Unit 10, Vaughan, ON L4L 1T8
416-551-5553
WWW.OURRHOMEAPPLIANCES.COM

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

INSURANCE
- Home
- Business
- Life Insurance
- Auto
- Trucking
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
KSG Pest Control Inc.
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫ਼ਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE | A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre | Avon Financial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

KELLEY LAW OFFICE
- Immigration
- Family Law
- Corporate
- Power of Attorney/Affidavit /Attestations
- Real Estate
- Business Closing
- Wills & Estate
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੌਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ।
1200 Derry Road E, #15, Mississauga, ON L5T 0B3
Shinder Kelley
905-362-0755

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
416 938 4598

ਨਵਾਂ ਘਾਹ ਲਵਾਉ | 647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ >>

ਲੋਕਤੰਤਰ ਦਾ ਬੁਰਾ ਜਿਹਾ ਹਾਲ ਹੋਇਆ,
ਦਿੱਸਦਾ ਕਿਤੇ ਕੋਈ ਚੱਜ ਆਚਾਰ ਨਾਹੀਂ।
ਮਿਹਣੇ ਦੇਂਦਿਆਂ ਕਿਸੇ ਤੋਂ ਘੱਟ ਕੋਈ ਨਾ,
ਕਰਦਾ ਡਿੱਠਾ ਕੋਈ ਠੀਕ ਵਿਹਾਰ ਨਾਹੀਂ।
ਆਪਣੀ ਆਖਣੀ ਸਾਰੇ ਹਨ ਗੱਲ ਚਾਹੁੰਦੇ,
ਸੁਣਨ ਨੂੰ ਹੋਰਾਂ ਨੂੰ ਕੋਈ ਤਿਆਰ ਨਾਹੀਂ।
ਲੱਗਿਆ ਸੈਸ਼ਨ ਤੇ ਪੈਂਦੀ ਬੱਸ ਖੱਪ ਦੇਖੀ,
ਏਜੰਡਾ ਰਹਿ ਗਿਆ ਹੋਈ ਵਿਚਾਰ ਨਾਹੀਂ।
ਸਰਕਾਰੀ ਪੱਖ ਪਿਆ ਆਪਣੀ ਪਿੱਠ ਥਪਕੇ,
ਖੁਸ਼ੀ ਵਿੱਚ ਊਣਾ ਵਿਰੋਧ ਦਾ ਪੱਖ ਨਹੀਂਉਂ।
ਇਹੀਓ ਮਜਮਾ ਜੇ ਏਦਾਂ ਫਿਰ ਜਾਊ ਚੱਲੀ,
ਝੋਲੀ ਜਨਤਾ ਦੀ ਪੈਣਾ ਫਿਰ ਕੱਖ ਨਹੀਂਉਂ।

**ਤੀਸ ਮਾਰ ਖਾਂ**

## ਵਿਧਾਨ ਸਭਾ ਸੈਸ਼ਨ ਦੀ ਕਾਰਵਾਈ 29 ਸਤੰਬਰ ਤੱਕ ਕੀਤੀ ਮੁਲਤਵੀ

ਚੰਡੀਗੜ੍ਹ, 27 ਸਤੰਬਰ (ਪੋਸਟ ਬਿਊਰੋ): ਪੰਜਾਬ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਭਰੋਸਗੀ ਮਤੇ 'ਤੇ ਚਰਚਾ ਤੋਂ ਬਾਅਦ ਵਿਧਾਨ ਸਭਾ ਸੈਸ਼ਨ ਦੀ ਕਾਰਵਾਈ 29 ਸਤੰਬਰ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤੀ ਹੈ . ਇਸ ਦੌਰਾਨ ਵਿਧਾਨ ਸਭਾ ਦੀ ਕਾਰਵਾਈ ਮੁੜ ਤੋਂ ਸ਼ੁਰੂ ਹੋਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੇ ਭਾਰੀ ਹੰਗਾਮੇ ਵਿਚਕਾਰ ਭਰੋਸਗੀ ਮਤਾ ਪੇਸ਼ ਕੀਤਾ । ਇਸ ਸੈਸ਼ਨ ਦੌਰਾਨ ਸਪੀਕਰ ਕੁਲਤਾਰ ਸੰਧਵਾਂ ਨੇ ਪੰਜਾਬ ਵਿਧਾਨ ਸਭਾ ਸੈਸ਼ਨ ਦੀ ਕਾਰਵਾਈ ਵਿੱਚ ਵਿਘਨ ਪਾਉਣ ਕਾਰਨ ਕਾਂਗਰਸ ਦੇ ਵਿਧਾਇਕਾਂ ਨੂੰ ਵਿਧਾਨ ਸਭਾ ਸੈਸ਼ਨ ਵਿਚੋਂ ਬਾਹਰ ਕੱਢ ਦਿੱਤਾ ਅਤੇ ਭਾਜਪਾ ਦੇ ਦੋਵੇਂ ਵਿਧਾਇਕ ਨੇ ਪਹਿਲਾਂ ਹੀ ਸਦਨ ਵਿੱਚੋਂ ਵਾਕਆਊਟ ਕਰ ਦਿੱਤਾ।

# ਮੁੱਖ ਮੰਤਰੀ ਦੀ ਅਗਵਾਈ ਵਿੱਚ ਵਿਧਾਨ ਸਭਾ ਵੱਲੋਂ ਅੱਠ ਉੱਘੀਆਂ ਸ਼ਖ਼ਸੀਅਤਾਂ ਨੂੰ ਸ਼ਰਧਾਂਜਲੀ ਭੇਟ

ਚੰਡੀਗੜ੍ਹ, 27 ਸਤੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਵਿਧਾਨ ਸਭਾ ਨੇ ਰਾਜਨੀਤਿਕ ਸ਼ਖਸੀਅਤਾਂ, ਸਮਾਜ ਸੇਵਕ ਅਤੇ ਅਗਾਂਹਵਧੂ ਕਿਸਾਨ ਸਮੇਤ ਉੱਘੀਆਂ ਸ਼ਖਸੀਅਤਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਿਨ੍ਹਾਂ ਦਾ ਵਿਧਾਨ ਸਭਾ ਦੇ ਪਿਛਲੇ ਸੈਸ਼ਨ ਤੋਂ ਬਾਅਦ ਦੇਹਾਂਤ ਹੋ ਗਿਆ ਸੀ।

16ਵੀਂ ਵਿਧਾਨ ਸਭਾ ਦੇ ਤੀਜੇ ਸੈਸ਼ਨ ਦੇ ਪਹਿਲੇ ਦਿਨ ਸਦਨ ਨੇ ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਤੇ ਸਾਬਕਾ ਮੰਤਰੀ ਨਿਰਮਲ ਸਿੰਘ ਕਾਹਲੋਂ, ਤਰਨ ਤਾਰਨ ਦੇ ਸਾਬਕਾ ਵਿਧਾਇਕ ਡਾ. ਧਰਮਵੀਰ ਅਗਨੀਹੋਤਰੀ, ਅਗਾਂਹਵਧੂ ਕਿਸਾਨ ਪਦਮਸ੍ਰੀ ਜਗਜੀਤ ਸਿੰਘ ਹਾਰਾ ਅਤੇ ਉੱਘੇ ਸਮਾਜ ਸੇਵਕ ਕ੍ਰਿਸ਼ਨ ਦੇਵ ਖੋਸਲਾ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕੀਤਾ ਗਿਆ।

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਤਖ਼ਤ ਪਟਨਾ ਸਾਹਿਬ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਹਿੱਤ ਅਤੇ ਸਾਬਕਾ ਪੀ.ਸੀ.ਐਸ. ਅਧਿਕਾਰੀ ਤੇ ਦਰਿਆਈ ਪਾਣੀਆਂ ਦੇ ਮਾਹਿਰ ਪ੍ਰੀਤਮ ਸਿੰਘ ਕੁਮੇਦਨ, ਵਿਧਾਇਕ ਲਾਭ



ਸਿੰਘ ਉੱਗੋਕੇ ਦੇ ਪਿਤਾ ਦਰਸ਼ਨ ਸਿੰਘ ਅਤੇ ਉੱਘੀ ਸ਼ਖ਼ਸੀਅਤ ਪਾਲ ਸਿੰਘ ਪੁਰੇਵਾਲ, ਜਿਨ੍ਹਾਂ ਦਾ ਹਾਲ ਹੀ ਵਿੱਚ ਦੇਹਾਂਤ ਹੋ ਗਿਆ ਸੀ, ਦੇ ਨਾਮ ਵੀ ਸ਼ਰਧਾਂਜਲੀ ਦੇਣ ਲਈ ਪ੍ਰਸਤਾਵਿਤ ਕੀਤੇ। ਸ਼ਰਧਾਂਜਲੀ ਦੇਣ ਤੋਂ ਬਾਅਦ ਵਿਛੜੀਆਂ ਸ਼ਖ਼ਸੀਅਤਾਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਨ ਲਈ ਸਦਨ ਵਿੱਚ ਮਤਾ ਪੇਸ਼ ਕੀਤਾ ਗਿਆ, ਜਿਸ ਨੂੰ ਸਰਬਸੰਮਤੀ ਨਾਲ ਪ੍ਰਵਾਨ ਕਰ ਲਿਆ ਗਿਆ।

ਸ਼ਰਧਾਂਜਲੀ ਸਮਾਗਮ ਦੌਰਾਨ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਰੱਖਿਆ ਗਿਆ।

## ਪੰਜਾਬ ਦੀਆਂ ਵਿਰਾਸਤੀ ਇਮਾਰਤਾਂ ਨੂੰ ਯਾਤਰੂ ਦਿਸਚਸਪੀ ਦਾ ਕੇਂਦਰ ਬਣਾਉਣਾ ਜ਼ਰੂਰੀ : ਪ੍ਰੋ. ਗੁਰਭਜਨ ਸਿੰਘ ਗਿੱਲ

ਲੁਧਿਆਣਾ, 27 ਸਤੰਬਰ (ਪੋਸਟ ਬਿਊਰੋ): ਪੰਜਾਬੀ ਲੋਕ ਵਿਰਾਸਤ ਅਕਾਡਮੀ ਤੇ ਮਹਾਰਾਜਾ ਦਲੀਪ ਸਿੰਘ ਮੈਮੋਰੀਅਲ ਟਰਸਟ ਰਾਏਕੋਟ ਬੱਸੀਆਂ( ਲੁਧਿਆਣਾ) ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਵਿਸ਼ਵ ਸੈਰ ਸਪਾਟਾ ਦਿਵਸ ਮੌਕੇ ਕਿਹਾ ਹੈ ਕਿ ਪੰਜਾਬ ਦੀਆਂ ਵਿਰਾਸਤੀ ਇਮਾਰਤਾਂ ਨੂੰ ਯਾਤਰੂ ਦਿਸਚਸਪੀ ਦਾ ਕੇਂਦਰ ਬਣਾਇਆ ਜਾਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਿਰਫ਼ ਲੁਧਿਆਣਾ ਨੂੰ ਹੀ ਵਿਕਸਤ ਕਰਨਾ ਹੋਵੇ ਤਾਂ ਦੋ ਸਰਕਟ ਬਣ ਸਕਦੇ ਹਨ। ਇੱਕ ਸਰਕਟ ਸ਼ਹੀਦ ਸੁਖਦੇਵ ਦੇ ਨੌਘਰਾ ਸਥਿਤ ਜਨਮ ਸਥਾਨ ਲੁਧਿਆਣਾ ਤੋਂ ਸ਼ੁਰੂ ਕਰਕੇ ਪੱਖੋਵਾਲ ਰੋਡ ਰਾਹੀਂ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਦੇ ਜਨਮ



ਸਥਾਨ ਨਾਰੰਗਵਾਲ ਰਾਹੀਂ ਹੁੰਦੇ ਹੋਏ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਸਥਾਨ ਪਿੰਡ ਸਰਾਭਾ ਦੇ ਦਰਸ਼ਨ ਕਰਨ ਉਪਰੰਤ ਰਾਏਕੋਟ ਪੁੱਜਿਆ ਜਾ ਸਕਦਾ ਹੈ ਜਿੱਥੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੱਕ ਹਫ਼ਤਾ ਮੁਸਲਮਾਨ ਰਾਜਪੂਤ ਹਾਕਮ ਰਾਏ ਕੱਲ੍ਹਾ ਜੀ ਪਾਸ ਠਹਿਰੇ ਸਨ। ਇਥੋਂ ਜਾ ਕੇ ਹੀ ਨੂਰਾ ਮਾਹੀ ਨੇ ਸਰਹਿੰਦ ਤੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੀ ਖ਼ਬਰ ਲਿਆ ਕੇ ਦਿੱਤੀ ਸੀ।

ਉਨ੍ਹਾਂ ਕਿਹਾ ਕਿ ਇਥੋਂ ਨਿਕਲ ਕੇ ਜਗਰਾਉਂ ਰੋਡ ਸਥਿਤ ਬੱਸੀਆਂ ਸੀਲੋਆਣੀ ਦੀ ਹੱਦ ਤੇ ਮਹਾਰਾਜਾ ਦਲੀਪ ਸਿੰਘ ਜੀ ਦੀ ਯਾਦਗਾਰ ਵੇਖੀ ਜਾ ਸਕਦੀ ਹੈ। ਇਸੇ ਸਥਾਨ ਤੇ ਬਾਲ ਅਵਸਥਾ ਵਾਲੇ ਆਖ਼ਰੀ ਸਿੱਖ ਮਹਾਰਾਜਾ ਦਲੀਪ ਸਿੰਘ ਨੇ ਵਲਾਇਤ ਜਾਣ ਲੱਗਿਆਂ ਆਖ਼ਰੀ ਰਾਤ ਕੱਟੀ ਸੀ। ਇਸ ਦੀ ਉਸਾਰੀ ਮਹਾਰਾਜਾ ਦਲੀਪ ਸਿੰਘ ਮੈਮੋਰੀਅਲ ਟਰਸਟ ਦੀ ਪਹਿਲਕਦਮੀ ਤੇ ਪੰਜਾਬ ਸਰਕਾਰ ਨੇ 2010-2014 ਦੌਰਾਨ ਪਰਕਾਸ਼ ਸਿੰਘ ਬਾਦਲ ਦੀ ਨਿਗਰਾਨੀ ਹੇਠ ਇਨਟੈਕ ਪਾਸੋਂ ਰਣਜੀਤ ਸਿੰਘ ਤਲਵੰਡੀ, ਪਿਰਥੀਪਾਲ ਸਿੰਘ ਹੇਅਰ, ਅਮਨਦੀਪ ਸਿੰਘ ਗਿੱਲ, ਪਰਮਿੰਦਰ ਸਿੰਘ ਜੱਟਪੁਰੀ ਦੀ ਹਿੰਮਤ ਸਦਕਾ 5.80 ਕਰੋੜ ਰੁਪਏ ਦੀ ਲਾਗਤ ਨਾਲ ਕਰਵਾਈ ਗਈ ਹੈ। ਇਹ ਰਮਣੀਕ ਸਥਾਨ ਸੈਰ ਸਪਾਟੇ ਪੱਖੋਂ ਮਾਲਵੇ ਦਾ ਪ੍ਰਮੁੱਖ ਕੇਂਦਰ ਬਣ ਚੁਕਾ ਹੈ।

ਇਸ ਸਥਾਨ ਤੋਂ ਅੱਗੇ ਗੁਰਦੁਆਰਾ ਮਹਿਦੇਆਣਾ ਸਾਹਿਬ ਰਾਹੀਂ ਹੋ ਕੇ ਲਾਲਾ ਲਾਜਪਤ ਰਾਏ ਜੀ ਦੇ ਜੱਦੀ ਘਰ ਦੇ ਦਰਸ਼ਨ ਕੀਤੇ ਜਾ ਸਕਦੇ ਹਨ।

ਵਾਪਸੀ ਤੇ ਇਸਤਰੀ ਸਿੱਖਿਆ ਦੇ ਪੰਜਾਬ ਚ ਪਹਿਲੇ ਕੇਂਦਰ ਸਿੱਧਵਾਂ ਖ਼ੁਰਦ ਦੇ ਇਤਿਹਾਸ ਬਾਰੇ ਜਾਣਿਆ ਜਾ ਸਕਦਾ ਹੈ। ਪ੍ਰੋ. ਗਿੱਲ ਨੇ ਕਿਹਾ ਕਿ ਦੂਜਾ ਸਰਕਟ ਚਮਕੌਰ ਸਾਹਿਬ, ਮਾਛੀਵਾੜਾ, ਕਿਲ੍ਹਾ ਰਾਏਪੁਰ ਤੇ ਆਲਮਗੀਰ ਬਣ ਸਕਦਾ ਹੈ ਜੋ ਸਿੱਖ ਇਤਿਹਾਸ ਤੇ ਖੇਡ ਜਗਤ ਦੀ ਵਿਰਾ-ਸਤ ਤੋਂ ਯਾਤਰੂਆਂ ਨੂੰ ਪੰਜਾਬ ਨਾਲ ਜੋੜ ਸਕਦਾ ਹੈ।

ਹੈਰਾਨੀ ਦੀ ਗੱਲ ਇਹ ਹੈ ਕਿ ਪੰਜਾਬ ਵਿੱਚ ਗਿਆਨੀ ਜ਼ੈਲ ਸਿੰਘ ਮਗਰੋਂ ਕਿਸੇ ਸਰਕਾਰ ਨੇ ਵੀ ਡਾ. ਮ ਸ ਰੰਧਾਵਾ ਵਰਗੇ ਦੂਰ ਦ੍ਰਿਸ਼ਟੀਵਾਨ ਪ੍ਰਸ਼ਾਸਕ ਦੀਆਂ ਸਿਫ਼ਾਰਸ਼ਾਂ ਵੱਲ ਧਿਆਨ ਨਹੀਂ ਦਿੱਤਾ। ਪੰਜਾਬ ਦੀ ਕਲਚਰਲ ਐਟਲਸ ਦੀ ਵੀ ਅਣਹੋਂਦ ਰੜਕਦੀ ਹੈ। ਉਨ੍ਹਾਂ ਆਖਿਆ ਕਿ ਲੁਧਿਆਣਾ ਵਾਸੀਆਂ ਚੋਂ ਬਹੁਤਿਆਂ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਸਥਿਤ ਪੇਂਡੂ ਵਸਤਾਂ ਦਾ ਅਜਾਇਬ ਘਰ ਵੀ ਸ਼ਾਇਦ ਹੀ ਵੇਖਿਆ ਹੋਵੇ। ਸਕੂਲ ਪਾਠਕ੍ਰਮ ਵਿੱਚ ਯਾਤਰੀ ਸਥਾਨ ਚੈਪਟਰ ਜੋੜਨ ਦੀ ਲੋੜ ਹੈ। ਸੈਰ ਸਪਾਟਾ ਵਿਕਾਸ ਲਈ ਲੰਮੀ ਮਿਆਦ ਦੀ ਸਵੈ ਸਮਰੱਥ ਯੋਜਨਾ ਉਲੀਕਣ ਦੀ ਲੋੜ ਹੈ ਤਾਂ ਜੋ ਇਹ ਮਹਿਜ਼ ਇੱਕ ਦਿਵਸ ਮਨਾਉਣ ਦੀ ਰਸਮ ਨਾ ਰਹਿ ਜਾਵੇ।

## ਰਾਹੁਲ ਭੰਡਾਰੀ ਨੇ ਸੂਚਨਾ ਤੇ ਲੋਕ ਸੰਪਰਕ ਦੇ ਪ੍ਰਮੁੱਖ ਸਕੱਤਰ ਵਜੋਂ ਅਹੁਦਾ ਸੰਭਾਲਿਆ

ਚੰਡੀਗੜ੍ਹ, 27 ਸਤੰਬਰ (ਪੋਸਟ ਬਿਊਰੋ): 1997 ਬੈਚ ਦੇ ਆਈਏਐਸ ਅਧਿਕਾਰੀ ਰਾਹੁਲ ਭੰਡਾਰੀ, ਜੋ ਇਸ ਸਮੇਂ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਦੇ ਪ੍ਰਮੁੱਖ ਸਕੱਤਰ ਵਜੋਂ ਤਾਇਨਾਤ ਹਨ, ਨੇ ਅੱਜ ਪ੍ਰਮੁੱਖ ਸਕੱਤਰ ਸੂਚਨਾ ਤੇ ਲੋਕ ਸੰਪਰਕ ਅਤੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਦਾ ਵਾਧੂ ਚਾਰਜ ਸੰਭਾਲ ਲਿਆ ਹੈ।



ਦੋਵਾਂ ਵਿਭਾਗਾਂ ਦਾ ਅਹੁਦਾ ਸੰਭਾਲਣ ਉਪਰੰਤ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਡਾਇਰੈਕਟਰ ਸੂਚਨਾ ਅਤੇ ਲੋਕ ਸੰਪਰਕ ਸੋਨਾਲੀ ਗਿਰਿ ਅਤੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਦੇ ਡਾਇਰੈਕਟਰ ਘਨਸ਼ਿਆਮ ਥੋਰੀ ਨਾਲ ਮੀਟਿੰਗਾਂ ਕਰਕੇ ਦੋਹਾਂ ਵਿਭਾਗਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ। ਪ੍ਰਮੁੱਖ ਸਕੱਤਰ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਦੇ ਟੀਚਿਆਂ ਅਤੇ ਉਦੇਸ਼ਾਂ ਦੀ ਪ੍ਰਾਪਤੀ ਲਈ ਵਿਭਾਗਾਂ ਦੇ ਕੰਮਕਾਜ ਵਿੱਚ ਹੋਰ ਕੁਸ਼ਲਤਾ ਅਤੇ ਪਾਰਦਰਸ਼ਤਾ ਲਿਆਉਣ ਨੂੰ ਪ੍ਰਮੁੱਖ ਤਰਜੀਹ ਦੇਣਗੇ।

WE'RE HIRING
Esthetician/Hairstylist
Fantasie Salon
And Spa is hiring both the positions
full time and part time
Minimum 2 years of experience required.
Contact 437-999-9300

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਖਿੜਕੀਆਂ ਅਤੇ ਦਰਵਾਜੇ ਲਗਵਾਓ
Free Estimates
ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼,
ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼,
ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ,
ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
SINGH (TOCHI)
416-454-3031
647-784-8240
Email: tochisangha1@hotmail.com
CANADIAN GLASS AND WINDOW

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਕਾਂਗਰਸ ਅਤੇ ਭਾਜਪਾ ਵੱਲੋਂ ਜਮਹੂਰੀ ਤਰੀਕੇ ਨਾਲ ਚੁਣੀ ਸਰਕਾਰ ਨੂੰ ਭੰਗ ਕਰਨ ਲਈ ਪਾਈ ਸਾਂਝ ਕਾਰਨ ਵਿਸ਼ਵਾਸ ਮਤਾ ਜ਼ਰੂਰੀ

ਪੰਨਾ 1 ਦਾ ਬਾਕੀ

ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਸਿਆਸਤ ਵਿੱਚ ਲੋਕ ਭਲਾਈ ਦਾ ਨਵਾਂ ਏਜੰਡਾ ਸਥਾਪਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸੇ ਕਾਰਨ ਭਾਜਪਾ ਲੀਡਰਸ਼ਿਪ ਨੂੰ ਆਪਣਾ ਵੰਡ ਪਾਊ ਏਜੰਡਾ ਛੱਡ ਕੇ ਲੋਕਾਂ ਦੀ ਭਲਾਈ ਬਾਰੇ ਗੱਲ ਕਰਨ ਲਈ ਮਜਬੂਰ ਹੋਣਾ ਪਿਆ। ਭਗਵੰਤ ਮਾਨ ਨੇ ਕਿਹਾ ਕਿ ਇਹ ਆਮ ਆਦਮੀ ਪਾਰਟੀ ਦਾ ਪ੍ਰਭਾਵ ਹੈ ਕਿ ਜਿਹੜੇ ਲੀਡਰ ਲੋਕਾਂ ਨੂੰ ਵੰਡਦੇ ਸਨ, ਉਹ ਹੁਣ ਸਕੂਲਾਂ, ਕਾਲਜਾਂ ਤੇ ਹਸਪਤਾਲਾਂ ਦੇ ਉਦਘਾਟਨ ਕਰਦੇ ਨਜ਼ਰ ਆ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਹੁਣ ਭਾਜਪਾ ਵਿੱਚ ਦਲ-ਬਦਲੂ ਰਾਜ ਕਰ ਰਹੇ ਹਨ ਅਤੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ, ਜਿਹੜੇ ਮੁੱਖ ਮੰਤਰੀ ਵਜੋਂ ਆਪਣੇ ਕਾਰਜਕਾਲ ਦੌਰਾਨ ਭਾਜਪਾ ਦੇ ਇਸ਼ਾਰੇ ਉਤੇ ਚੱਲ ਰਹੇ ਸਨ, ਨੇ ਹੁਣ ਰਸਮੀ ਤੌਰ ਉਤੇ ਭਾਜਪਾ ਦਾ ਪੱਲਾ ਫੜ ਲਿਆ ਹੈ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਉਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਇਹ ਪਹਿਲੀ ਦਫ਼ਾ ਹੋਇਆ ਹੈ ਕਿ ਚੋਣਾਂ ਵਿੱਚ ਹਾਰ ਮਗਰੋਂ ਕਿਸੇ ਪਾਰਟੀ ਦਾ ਮੁੱਖ ਮੰਤਰੀ ਦਾ ਚਿਹਰਾ ਹੀ ਗਾਇਬ ਹੋ ਗਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਚੰਨੀ ਦੇ ਕਾਰਜਕਾਲ ਵਿੱਚ ਹੋਈਆਂ ਬੇਨਿਯਮੀਆਂ ਕਾਰਨ ਹੀ ਉਹ ਹੁਣ ਗਾਇਬ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੂੰ ਕੋਈ ਕੰਮ ਨਾ ਕਰਨ ਕਾਰਨ ਲੋਕਾਂ ਨੇ ਸੱਤਾ ਤੋਂ ਬਾਹਰ ਦਾ ਰਸਤਾ ਦਿਖਾਇਆ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਨੂੰ ਲੋਕਾਂ ਨੇ ਸੂਬਾਈ ਵਿਧਾਨ ਸਭਾ ਤੋਂ ਬਾਹਰ ਕੀਤਾ ਪਰ ਇਹ ਆਗੂ ਹੁਣ 'ਖਿਆਲੀ ਜਾਂ ਮੌਕ ਸੈਸ਼ਨ' ਕਰਵਾ ਕੇ ਲੋਕਾਂ ਨੂੰ ਗੁਮਰਾਹ ਕਰ ਰਹੇ ਹਨ ਅਤੇ ਆਪਣੀ ਨਿਰਾਸ਼ਾ ਕੱਢ ਰਹੇ ਹਨ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੇ ਉਮੀਦ ਨੂੰ ਵੋਟ ਪਾਈ ਅਤੇ ਆਮ ਆਦਮੀ ਪਾਰਟੀ (ਆਪ) ਸੂਬੇ ਨੂੰ ਦੇਸ਼ ਭਰ ਵਿੱਚੋਂ ਮੋਹਰੀ ਬਣਾਉਣ ਲਈ ਅਣਥੱਕ ਕੋਸ਼ਿਸ਼ਾਂ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਜਨਤਕ ਫੰਡਾਂ ਦੀ ਸੁਚੱਜੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਇਤਿਹਾਸਕ ਸਕੀਮ 'ਇੱਕ ਵਿਧਾਇਕ, ਇੱਕ ਪੈਨਸ਼ਨ' ਪਾਸ ਕੀਤੀ ਅਤੇ ਸੂਬੇ ਭਰ ਵਿੱਚ 100 ਦੇ ਕਰੀਬ ਆਮ ਆਦਮੀ ਕਲੀਨਿਕ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਸਮਰਪਿਤ ਕੀਤੇ ਗਏ। ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ ਲੱਖਾਂ ਘਰਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਮੁਹੱਈਆ ਕਰਵਾਈ ਜਾ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਇੱਕ ਪਾਸੇ ਨਵੀਂ ਭਰਤੀ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਦੂਜੇ ਪਾਸੇ ਠੇਕੇ 'ਤੇ ਰੱਖੇ ਮੁਲਾਜ਼ਮਾਂ ਦੀਆਂ ਨੌਕਰੀਆਂ ਰੈਗੂਲਰ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਘਰਾਂ ਉਤੇ ਜਾ ਕੇ ਆਟਾ-ਦਾਲ ਮੁਹੱਈਆ ਕਰਵਾਉਣ ਦੀ ਯੋਜਨਾ ਛੇਤੀ ਹੀ ਸ਼ੁਰੂ ਕੀਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਤੰਤਰ ਵਿੱਚ ਸਰਕਾਰ ਲੋਕਾਂ ਦੀ, ਲੋਕਾਂ ਵੱਲੋਂ ਅਤੇ ਲੋਕਾਂ ਲਈ ਹੁੰਦੀ ਹੈ ਪਰ ਭਾਜਪਾ ਅਤੇ ਕਾਂਗਰਸ 'ਅਪਰੇਸ਼ਨ ਲੋਟਸ' ਰਾਹੀਂ ਲੋਕਾਂ ਦੇ ਫ਼ਤਵੇ ਦਾ ਅਪਮਾਨ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੀਆਂ ਹਨ। ਰਾਸ਼ਟਰਪਤੀ ਭਵਨ ਵਿੱਚ ਸਥਿਤ ਮੁਗਲ ਗਾਰਡਨ ਦੀ ਮਿਸਾਲ ਦਿੰਦਿਆਂ ਉਨ੍ਹਾਂ ਕਿਹਾ ਕਿ ਉਸ ਵਿੱਚ ਵੱਖ-ਵੱਖ ਕਿਸਮਾਂ ਦੇ ਫੁੱਲ ਹਨ, ਜਿਸ ਕਾਰਨ ਲੋਕ ਇਨ੍ਹਾਂ ਦੀ ਵੰਨ-ਸੁਵੰਨਤਾ ਦੇਖਣ ਜਾਂਦੇ ਹਨ। ਭਗਵੰਤ ਮਾਨ ਨੇ ਕਿਹਾ ਕਿ ਇਸੇ ਤਰ੍ਹਾਂ ਜਮਹੂਰੀਅਤ ਵਿੱਚ ਵਿਰੋਧੀ ਧਿਰ ਅਤੇ ਸੱਤਾਧਾਰੀ ਬੈਂਚ ਦੀ ਆਪਣੀ ਵੱਖੋ-ਵੱਖਰੀ ਅਹਿਮੀਅਤ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ-ਕੱਲ੍ਹ ਸਦਨ ਦੀ ਕਾਰਵਾਈ ਵਿੱਚ ਵਿਘਨ ਪਾਉਣ ਦੀ ਰਵਾਇਤ ਬਣ ਗਈ ਹੈ ਅਤੇ ਇੱਥੋਂ ਤੱਕ ਕਿ ਸਿਆਸੀ ਆਗੂ ਅਕਸਰ ਇਸ 'ਤੇ ਮਾਣ ਮਹਿਸੂਸ ਕਰਦੇ ਹਨ। ਉਨ੍ਹਾਂ ਕਿਹਾ ਕਿ ਇਸ ਰਾਹੀਂ ਜਮਹੂਰੀਅਤ ਦੀ ਰੂਹ ਨੂੰ ਠੇਸ ਪਹੁੰਚਾਈ ਜਾਂਦੀ ਹੈ, ਜੋ ਉਸਾਰੂ ਸੰਕੇਤ ਨਹੀਂ ਹਨ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੇ ਸਰਕਾਰ ਦੀਆਂ ਨੀਤੀਆਂ 'ਤੇ ਪੂਰਾ ਭਰੋਸਾ ਪ੍ਰਗਟ ਕੀਤਾ ਅਤੇ ਇਸ ਵਿਸ਼ਵਾਸ ਨੂੰ ਬਹਾਲ ਕਰਨ ਲਈ ਇਹ ਮਤਾ ਪੇਸ਼ ਕੀਤਾ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਮਤਾ ਦਰਸਾਉਂਦਾ ਹੈ ਕਿ ਲੋਕਾਂ ਦਾ ਸਾਡੇ ਵਿੱਚ ਵਿਸ਼ਵਾਸ ਹੈ ਅਤੇ ਸਾਨੂੰ ਲੋਕਾਂ ਵਿੱਚ ਵਿਸ਼ਵਾਸ ਹੈ। ਭਗਵੰਤ ਮਾਨ ਨੇ ਕਿਹਾ ਕਿ ਭਾਜਪਾ ਲੋਕਾਂ ਦਾ ਭਰੋਸਾ ਖੋਹਣ ਦੀਆਂ ਕੋਝੀਆਂ ਚਾਲਾਂ ਚੱਲ ਰਹੀ ਹੈ ਪਰ ਅਜਿਹਾ ਕਿਸੇ ਵੀ ਕੀਮਤ 'ਤੇ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਾਰ-ਜ਼ਿੰਦਗੀ ਦਾ ਹਿੱਸਾ ਹੈ ਪਰ ਕਾਂਗਰਸ ਇਸ ਨੂੰ ਹਜ਼ਮ ਨਹੀਂ ਕਰ ਪਾ ਰਹੀ, ਜਿਸ ਕਾਰਨ ਉਹ 'ਅਪਰੇਸ਼ਨ ਲੋਟਸ' ਦੇ ਹੱਕ ਵਿੱਚ ਉੱਤਰੀ ਹੋਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਕਾਂਗਰਸ ਦੇ ਦੀਵਾਲੀਏਪਣ ਨੂੰ ਦਰਸਾਉਂਦਾ ਹੈ ਜੋ ਹੁਣ ਆਪਣੇ ਵਿਧਾਇਕਾਂ ਨੂੰ ਵੇਚਣ ਦੀ ਹੱਦ ਤੱਕ ਚਲਾ ਗਿਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਸਿਖਰਲੀ ਲੀਡਰਸ਼ਿਪ ਨੇ 'ਭਾਰਤ ਜੋੜੋ' ਯਾਤਰਾ ਕੱਢੀ ਹੈ ਪਰ ਉਹ ਰਾਜਸਥਾਨ ਵਿੱਚ ਆਪਣਾ ਘਰ ਨਹੀਂ ਸੰਭਾਲ ਸਕੀ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ ਆੜੇ ਹੱਥੀਂ ਲੈਂਦਿਆਂ ਭਗਵੰਤ ਮਾਨ ਨੇ ਕਿਹਾ ਕਿ ਕਾਂਗਰਸ ਦੇ ਸੀਨੀਅਰ ਆਗੂ 'ਅਪਰੇਸ਼ਨ ਲੋਟਸ' ਫੇਲ੍ਹ ਹੋ ਜਾਣ ਦੇ ਸਦਮੇ ਵਿਚ ਹਨ, ਜਿਵੇਂ ਉਨ੍ਹਾਂ ਦੀਆਂ ਗੁੱਝੀਆਂ ਸਕੀਮਾਂ ਧਰੀਆ-ਧਰਾਈਆਂ ਰਹਿ ਗਈਆਂ ਹੋਣ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਮਤੇ ਰਾਹੀਂ ਤੱਥਾਂ ਨੂੰ ਲੋਕਾਂ ਸਾਹਮਣੇ ਰੱਖਿਆ ਜਾ ਰਿਹਾ ਹੈ ਕਿਉਂਕਿ ਸੈਸ਼ਨ ਲਾਈਵ ਚੱਲ ਰਿਹਾ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਇਸ ਸੈਸ਼ਨ ਦੀ ਮੰਗ ਕਰ ਰਹੇ ਸਨ, ਉਹ ਬਹਿਸ ਤੋਂ ਭੱਜ ਗਏ ਹਨ। ਭਗਵੰਤ ਮਾਨ ਨੇ ਕਿਹਾ ਕਿ ਕਾਂਗਰਸੀ ਆਗੂ ਭਾਜਪਾ ਦੀ 'ਬੀ' ਟੀਮ ਵਜੋਂ ਕੰਮ ਕਰ ਰਹੇ ਹਨ ਅਤੇ ਇਹ ਮੰਦਭਾਗੀ ਗੱਲ ਹੈ ਕਿ ਕਾਂਗਰਸੀ ਆਗੂਆਂ ਨੇ ਵਿਧਾਨ ਸਭਾ ਦੇ ਬਹੁਤ ਹੀ ਸਤਿਕਾਰਤ ਅਹੁਦੇ ਵਾਲੇ ਸਪੀਕਰ ਵਿਰੁੱਧ ਸ਼ਰਮਨਾਕ ਨਾਅਰੇਬਾਜ਼ੀ ਕੀਤੀ ਹੈ।
















# ਨਵੀਆਂ ਮੰਜ਼ਿਲਾਂ ਸਰ ਕਰਦਾ ਨਿਊਟਨ ਟੈਨਿਸ ਕਲੱਬ ਸਰੀ

## ਯਾਦਗਾਰੀ ਹੋ ਨਿਬੜਿਆ ਟੈਨਿਸ ਬੀ. ਸੀ ਤੋਂ ਮਾਨਤਾ ਪ੍ਰਾਪਤ ਪਲੇਠਾ 'ਸਰੀ ਓਪਨ 2022'















ਜਗਜੀਤ ਸਿੰਘ ਗਣੇਸ਼ਪੁਰ
ਵਟਸਐਪ: +919465576022

ਦੁਨੀਆਂ ਦੀ ਚੋਥੇ ਨੰਬਰ (ਫੁੱਟਬਾਲ, ਕ੍ਰਿਕਟ, ਹਾਕੀ ਤੋਂ ਬਾਅਦ) ਦੀ ਹਰਮਨ ਪਿਆਰੀ ਖੇਡ 'ਟੈਨਿਸ' ਦੇ ਪੂਰੀ ਦੁਨੀਆਂ ਵਿੱਚ ਖੇਡ ਪ੍ਰਸੰਸਕਾਂ ਦੀ ਗਿਣਤੀ ਲਗਭਗ 100 ਕਰੋੜ ਹੈ ਅਤੇ ਹਰ ਸਾਲ ਚਾਰ ਗਰੈਂਡ ਸਲੈਮ (ਆਸਟ੍ਰੇਲੀਆ, ਫਰੈਂਚ, ਵਿੰਬਲਡਨ ਅਤੇ ਯੂ.ਐਸ.ਏ) ਟੂਰਨਾਮੈਂਟ ਹੁੰਦੇ ਹਨ। ਦੁਨੀਆਂ ਭਰ ਦੇ ਟੈਨਿਸ ਖਿਡਾਰੀ ਇਨ੍ਹਾਂ ਵਕਾਰੀ ਟੂਰਨਾਮੈਂਟ ਵਿੱਚ ਆਪਣੀ ਖੇਡ ਦਾ ਲੋਹਾ ਮਨਵਾਉਣ ਲਈ ਸਖਤ ਮਿਹਨਤ ਕਰਦੇ ਹਨ। ਪਰੰਤੂ ਜੇਕਰ ਪੰਜਾਬੀਆਂ ਦੇ ਨਜਰੀਏ ਤੋਂ ਗੱਲ ਕਰੀਏ ਤਾਂ ਟੈਨਿਸ ਵਿੱਚ ਪੰਜਾਬੀ ਖਿਡਾਰੀਆਂ ਦੀ ਕੋਈ ਬਹੁਤੀ ਵੱਡੀ ਪ੍ਰਾਪਤੀ ਨਹੀਂ ਰਹੀ ਭਾਵ ਕਿ ਕੋਈ ਅਜਿਹਾ ਖਿਡਾਰੀ ਨਹੀਂ ਪੈਦਾ ਹੋਇਆ ਜਿਸ ਨੇ ਦੁਨੀਆਂ ਦੇ ਨਕਸ਼ੇ ਉਪਰ ਇਸ ਖੇਡ ਵਿੱਚ ਵੱਡਾ ਨਾਮਣਾ ਖੱਟਿਆ ਹੋਵੇ। ਅਜਿਹਾ ਹੀ ਕੁੱਝ ਕਰਨ ਦਾ ਅਹਿਦ ਧਾਰ ਕੇ ਨਿਊਟਨ-ਸਰੀ ਪੰਜਾਬੀ ਭਾਈਚਾਰੇ ਨੇ ਆਪਸੀ ਸਹਿਯੋਗ ਨਾਲ ਨਿਊਟਨ ਟੈਨਿਸ ਕਲੱਬ ਦਾ ਗਠਨ ਕਰ ਕੇ ਵੱਡਾ ਉੱਦਮ ਕੀਤਾ ਹੈ ਤਾਂ ਜੋ ਟੈਨਿਸ ਵਰਗੀ ਵੱਕਾਰੀ ਖੇਡ ਵਿੱਚ ਵੀ ਪੰਜਾਬੀ ਮੂਲ ਦੇ ਖਿਡਾਰੀਆਂ ਨੂੰ ਖੇਡਣ ਲਈ ਉਤਸ਼ਾਹਿਤ ਕੀਤਾ ਜਾ ਸਕੇ। ਇਸ ਕਲੱਬ ਦਾ ਮੁੱਖ ਮਕਸਦ ਬਚਿਆ ਨੂੰ ਮੁੱਢ ਤੋਂ ਹੀ ਖੇਡ ਸਭਿਆਚਾਰ ਨਾਲ ਜੋੜਨ ਦਾ ਹੈ ਤਾਂ ਜੋ ਉਹ ਵਿਦੇਸ਼ਾਂ ਵਿੱਚ ਜਿਹੜੀਆਂ ਘਟਨਾਵਾਂ ਸਾਨੂੰ ਸਾਰਿਆਂ ਨੂੰ ਅਕਸਰ ਤੰਗ ਅਤੇ ਪਰੇਸ਼ਾਨ ਕਰਦੀਆਂ ਹਨ ਕਿ ਸਾਡੀ ਨੌਜਵਾਨੀ ਨਸ਼ਾ ਅਤੇ ਗੈਂਗਵਾਰ ਵਿੱਚ ਫਸ ਕੇ ਆਪਣੀ ਜ਼ਿੰਦਗੀ ਅਤੇ ਕੰਮਿਊਨਿਟੀ ਦਾ ਵਿਦੇਸ਼ਾਂ ਵਿੱਚ ਅਕਸ ਖਰਾਬ ਕਰ ਰਹੇ ਹਨ, ਤੋਂ ਆਪਣੀ ਨਵੀਂ ਪੀੜੀ ਨੂੰ ਬਚਾਇਆ ਜਾ ਸਕੇ।

ਨਿਊਟਨ ਕਲੱਬ, ਉਂਝ ਤਾਂ 2015 ਤੋਂ ਹੀ ਕਾਰਜਸ਼ੀਲ ਹੈ ਪਰੰਤੂ ਅਧਿਕਾਰਤ ਤੌਰ ਤੇ ਇਹ 2019 ਤੋਂ ਹੀ ਹੋਂਦ ਵਿੱਚ ਆਇਆ ਹੈ। ਇਸ ਕਲੱਬ ਦੇ ਮੌਜੂਦਾ ਸਮੇਂ 100 ਮੈਂਬਰ ਹਨ ਅਤੇ ਹਰੇਕ ਸਾਲ ਇੱਕ ਡਬਲ ਟੂਰਨਾਮੈਂਟ ਕਰਵਾਇਆ ਜਾਂਦਾ ਹੈ। ਇਸ ਹੀ ਸੰਦਰਭ ਵਿੱਚ ਇਸ ਸਾਲ ਅਗਸਤ ਮਹੀਨੇ ਟੈਨਿਸ ਬੀ. ਸੀ ਦੁਆਰਾ ਮਾਨਤਾ ਪ੍ਰਾਪਤ ਪਲੇਠਾ 'ਸਰੀ ਉਪਨ ਟੈਨਿਸ ਟੂਰਨਾਮੈਂਟ 2022' ਸਫਲਤਾਪੂਰਵਕ ਕਰਵਾ ਕੇ ਕਲੱਬ ਨੇ ਇਕ ਹੋਰ ਮੀਲ ਪੱਥਰ ਸਥਾਪਿਤ ਕੀਤਾ ਹੈ। ਇਹ ਟੂਰਨਾਮੈਂਟ 5 ਅਗਸਤ ਤੋਂ 14 ਅਗਸਤ ਤੱਕ ਨਿਊਟਨ ਟੈਨਿਸ ਕੋਰਟ ਵਿੱਚ ਕਰਵਾਇਆ ਗਿਆ ਜਿਸ ਵਿੱਚ ਟੈਨਿਸ ਦੇਵੱਖ-ਵੱਖ ਪੱਧਰ ਜਿਵੇਂ 2.5, 3.0, 3.5, 4.0, 4.5 ਨੂੰ ਸ਼ਾਮਿਲ ਕੀਤਾ ਗਿਆ ਜਿੰਨਾ ਵਿੱਚ ਫਰੇਜ ਵੈਲੀ, ਲੋਅਰ ਮੇਨਲੈਂਡ ਆਫ ਵੈਨਕੂਵਰ ਅਤੇ ਹੋਰ ਸੂਬਿਆਂ (ਕੈਲਗਰੀ ਅਤੇ ਅਲਬਰਟਾ) ਦੇ 355 ਖਿਡਾਰੀਆਂ ਨੇ ਵੱਖ-ਵੱਖਮੁਕਾਬਲਿਆਂ ਵਿੱਚ ਸ਼ਮੂਲੀਅਤ ਕੀਤੀ। ਪੁਰਸ਼ਾ ਦੇ ਉਪਨ ਵਰਗ ਵਿੱਚ ਸਭ ਤੋਂ ਵੱਧ 60 ਖਿਡਾਰੀਆਂ ਨੇ ਭਾਗ ਲਿਆ ਜਦ ਕਿ 3.5 ਸਿੰਗਲਜ਼ ਵਿੱਚ 47, 4.0 ਅਤੇ 4.5 ਵਿੱਚ 33 ਖਿਡਾਰੀਆਂ ਨੇ ਹਿੱਸਾ ਲਿਆ। ਨਿਊਟਨ ਟੈਨਿਸ ਕਲੱਬ ਦੇ ਮੈਂਬਰ ਅਣਥੱਕ ਯਤਨ ਕਰ ਰਹੇ ਹਨ ਕਿ ਵੱਧ ਤੋਂ ਵੱਧ ਕੁੜੀਆਂ ਨੂੰ ਇਸ ਕਲੱਬ ਨਾਲ ਜੋੜ ਕੇ ਬਰਾਬਰ ਦੇ ਮੌਕੇ ਦਿੱਤੇ ਜਾਣ ਤਾਂ ਜੋ ਉਹ ਖੇਡਾਂ ਵਿੱਚ ਮਰਦਾਂ ਦੇ ਬਰਾਬਰ ਨਾਮਣਾ ਖੱਟ ਸਕਣ ਜਿਸ ਦੇ ਨਤੀਜੇ ਵਜੋਂ ਇਸ ਕੱਪ ਦੇ ਔਰਤ ਵਰਗ ਵਿੱਚ ਵੀ 54 ਖਿਡਾਰਨਾਂ ਨੇ ਆਪਣੀ ਭਰਵੀਂ ਹਾਜਰੀ ਦਰਜ ਕਰਵਾਈ।

ਖਿਡਾਰੀਆਂ ਦੀ ਹੌਸਲਾ ਅਫਜਾਈ ਕਰਨ ਲਈ ਵੱਡੀ ਗਿਣਤੀ ਵਿੱਚ ਦਰਸ਼ਕਾਂ ਦਾ ਵੀ ਭਰਪੂਰ ਸਾਥ ਮਿਲਿਆ। ਇਸ ਟੂਰਨਾਮੈਂਟ ਨੂੰ ਸਰੀ ਸਿਟੀ ਵਲੋਂ ਪੂਰਾ ਸਹਿਯੋਗ ਦਿੱਤਾ ਗਿਆ। ਸਪਾਂਸਰਜ, ਨਿਊਟਨ ਪ੍ਰਸ਼ਾਸਨਿਕ ਅਧਿਕਾਰੀਆਂ, ਵਲੰਟੀਅਰਾਂ ਅਤੇ ਕਮਿਊਨਿਟੀ ਮੈਂਬਰਾਂ ਨੇ ਵੀ ਇਸ ਕੱਪ ਦੀ ਸਫਲਤਾ ਲਈ ਆਪਣਾ ਵੱਡਮੁੱਲਾ ਯੋਗਦਾਨ ਪਾਇਆ। ਸਿਹਤਮੰਦ ਅਤੇ ਪੌਸਟਿਕ ਭੋਜਨ ਰੋਜ਼ਾਨਾ ਪਰੋਸਿਆ ਗਿਆ ਅਤੇ ਫਾਈਨਲ ਵਾਲੇ ਦਿਨ ਤੇ ਇਕ ਸ਼ਾਨਦਾਰ ਬਾਰਬਿਕਯੂ ਪਾਰਟੀ ਦਾ ਅਯੋਜਨ ਵੀ ਕੀਤਾ ਗਿਆ। ਪੁਰਸ਼ਾ ਦੇ ਵਰਗ ਵਿੱਚ 'ਰਿਆਨ ਡੁਟੋਇਟ' ਨੇ ਪਹਿਲਾ ਸਥਾਨ ਅਤੇ 'ਜੈਕਸਨ ਬੂਨ' ਉਪ-ਜੈਤੂ ਰਿਹਾ। ਇਸ ਤਰ੍ਹਾਂ ਹੀ ਮਹਿਲਾ ਵਰਗ ਵਿੱਚ 'ਰੇਬੇਕਾ ਜੌਜ਼ੀ' ਜੈਤੂ ਅਤੇ 'ਅੰਨਾ ਮਾਰੀਆਂ' ਉਪ-ਜੈਤੂ ਰਹੀ। ਸਿਟੀ ਮੇਅਰ ਡੱਗ ਮੈਕਲਮ ਅਤੇ ਕੌਸਲ ਨੇ ਫਾਈਨਲ ਮੁਕਾਬਲੇ ਵਾਲੇ ਦਿਨ ਕਲੱਬ ਪ੍ਰਬੰਧਕਾ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਜੈਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ। ਡਾਇਰੈਕਟਰ ਗੈਰੀ ਡੇਹਲੋ ਅਤੇ ਗੁਰਮੁਖ ਝੁਟੀ ਨੇ ਇਸ ਟੂਰਨਾਮੈਂਟ ਦਾ ਸਫਲ ਅਯੋਜਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ।

ਕਲੱਬ ਦਾ ਮੋਟੋ ਹੈ: 'ਅਸੀਂ ਇੱਕਜੁੱਟ ਹੋ ਕੇ ਖੇਡਾਂਗੇ ਅਤੇ ਜਿੱਤਾਂਗੇ'

ਨਿਊਟਨ ਕਲੱਬ, ਟੈਨਿਸ ਬੀ.ਸੀ ਤੋਂ ਮਾਨਤਾ ਪ੍ਰਾਪਤ ਹੈ ਅਤੇ ਅਗਾਂਹ ਨਿਊਟਨ ਕਲੱਬ ਨੂੰ ਟੈਨਿਸ ਕੈਨੇਡਾ ਦਾ ਮੈਂਬਰ ਹੋਣ ਦਾ ਵੀ ਮਾਣ ਪ੍ਰਾਪਤ ਹੈ। ਨਿਊਟਨ, ਇੱਕ ਗੈਰ ਮੁਨਾਫ਼ਾ ਸੰਸਥਾ ਹੈ ਜਿਸ ਦਾ ਮੁੱਖ ਮਕਸਦ ਟੈਨਿਸ ਖੇਡ ਨੂੰ ਆਮ ਲੋਕਾਂ ਵਿੱਚ ਹੋਰ ਪ੍ਰਫੁਲਿਤ ਕਰਨ ਤੋਂ ਹੈ। ਕਲੱਬ ਮੁੱਖ ਤੌਰ ਤੇ ਬਚਿਆ ਅਤੇ ਨੌਜਵਾਨਾ ਨੂੰ ਖੇਡਾਂ ਰਾਹੀ ਇੱਕ ਯੋਗ ਅਤੇ ਨਰੋਈ ਸੇਧ ਦੇਣ ਲਈ ਵਚਨਬੱਧ ਹੈ। ਨਿਊਟਨ ਟੈਨਿਸ ਕਲੱਬ, ਟੈਨਿਸ ਖੇਡ ਨਾਲ ਸਬੰਧਿਤ ਬਚਿਆਂ ਦੇ ਕੈਂਪ, ਟੈਨਿਸ ਲੀਗ ਅਤੇ ਸਾਲਾਨਾ ਡਬਲਜ਼ ਟੈਨਿਸ ਟੂਰਨਾਮੈਂਟ ਵਰਗੀਆਂ ਗਤੀਵਿਧੀਆਂ ਵਿੱਚ ਆਪਣੀ ਸ਼ਮੂਲੀਅਤ ਸਫਲਤਾ ਨਾਲ ਦਰਜ ਕਰਵਾ ਚੁੱਕਾ ਹੈ। ਅਗਾਂਹ ਇਸ ਕਲੱਬ ਨੇ (ਸਕੂਲ ਤੋਂ ਬਾਅਦ) ਬੀ.ਸੀ ਖੇਡ ਪ੍ਰੋਗਰਾਮਾਂ ਰਾਹੀ ਵਿਦਿਆਰਥੀਆ ਦੀ ਭਾਗੀਦਾਰੀ ਜਿਹੇ ਪ੍ਰੋਗਰਾਮ ਉਲੀਕੇ ਹੋਏ ਸਨ ਜੋ ਕਿ ਕੋਰੋਨਾ ਮਹਾਂਮਾਰੀ ਕਾਰਨ ਪਿਛਲੇ ਸਮੇਂ ਦੌਰਾਨ ਸਿਰੇ ਨਹੀਂ ਚੜ੍ਹ ਸਕੇ ਸਨ। ਆਸ ਕੀਤੀ ਜਾ ਸਕਦੀ ਹੈ ਕਿ ਹੁਣ ਹਾਲਾਤ ਸੁਖਾਵੇਂ ਹੋਣ ਤੋਂ ਬਾਅਦ ਇਨ੍ਹਾਂ ਟੀਚਿਆਂ ਨੂੰ ਕਲੱਬ ਪਹਿਲ ਦੇ ਅਧਾਰ ਤੇ ਨੇਪਰੇ ਚਾੜ੍ਹਨ ਵਿਚ ਕਾਮਯਾਬ ਜ਼ਰੂਰ ਹੋਵੇਗਾ। ਟੈਨਿਸ ਦੀ ਸਿਖਲਾਈ ਲਈ ਕੋਚਾਂ ਦਾ ਪ੍ਰਬੰਧ ਕਰਨਾ ਜਾਂ ਹੋਰ ਤਕਨੀਕੀ ਗੁਣਾਂ ਦੀ ਜ਼ਿੰਮੇਵਾਰੀ ਅਮਨਦੀਪ ਸਿੰਘ ਵੜੈਚ ਨੂੰ ਸੌਂਪੀ ਗਈ ਹੈ ਜੋ ਕਿ ਆਪ ਭਾਰਤੀ ਡੈਵਿਸ ਕੱਪ ਟੀਮ ਦਾ ਕਿਸੇ ਸਮੇਂ ਹਿੱਸਾ ਰਹੇ ਹਨ ਅਤੇ ਉਹ ਕੈਨੇਡਾ ਵੀ ਟੈਨਿਸ ਸਕਾਲਰਸ਼ਿਪ ਅਧੀਨ ਹੀ ਆਏ ਸਨ। ਨਰਿੰਦਰ ਸਿੰਘ ਅਤੇ ਸੰਦੀਪ ਮੋਂਗਾ ਕੋਚਿੰਗ ਦੀਆਂ ਸੇਵਾਵਾਂ ਬਾਖੂਬੀ ਨਿਭਾ ਰਹੇ ਹਨ। ਕੋਚ ਦੀ ਜ਼ਿੰਮੇਵਾਰੀ ਬੀ.ਸੀ ਟੈਨਿਸ ਦੇ ਮਾਪਦੰਡਾਂ ਅਨੁਸਾਰ ਹੀ ਸਬੰਧਿਤ ਕੋਚ ਨੂੰ ਦਿੱਤੀ ਜਾਂਦੀ ਹੈ।

ਨਿਊਟਨ ਕਲੱਬ ਦਾ ਗਠਨ ਕਰਕੇ ਪੰਜਾਬੀ ਭਾਈਚਾਰੇ ਨੇ ਜੋ ਸਾਰਥਕ ਪਹਿਲ ਕੀਤੀ ਹੈ ਉਸ ਦੇ ਚੰਗੇ ਨਤੀਜੇ ਆਉਂਦੇ ਭਵਿੱਖ ਅੰਦਰ ਨਜ਼ਰ ਜ਼ਰੂਰ ਆਉਣਗੇ। ਖੇਡਾਂ ਖਿਡਾਰੀਆਂ ਨੂੰ ਜ਼ਿੰਦਗੀ ਦੇ ਸੰਘਰਸ਼ ਲਈ ਤਿਆਰ ਕਰਦੀਆਂ ਅਤੇ ਉਸ ਨੂੰ ਅਨੁਸ਼ਾਸਨ ਵਿੱਚ ਰਹਿਣਾ ਦੇ ਸਬਕ ਪੜਾਉਣ ਦਾ ਕੰਮ ਵੀ ਕਰਦੀਆਂ ਹਨ। ਖੇਡਾਂ ਮਨੁੱਖ ਨੂੰ ਜਿੱਤ ਲਈ ਸੰਘਰਸ਼ ਕਰਨਾ ਵੀ ਸਿਖਾਉਂਦੀਆ ਹਨ। ਸਿਹਤਮੰਦ ਦਿਮਾਗ਼ ਹੀ ਨਰੋਈਆਂ ਕੌਮਾਂ ਦੀ ਸਿਰਜਣਾ ਕਰਦੇ ਹਨ। ਓਵੇਂ ਹੀ ਜੇ ਸਭ ਕੁੱਝ ਇਵੇਂ ਹੀ ਸਹੀ ਦਿਸ਼ਾ ਵਿੱਚ ਚੱਲਦਾ ਰਿਹਾ ਤਾਂ ਹੋ ਸਕਦਾ ਹੈ ਕਿ ਜਸਵੀਰ ਪੰਧੇਰ ਅਤੇ ਰਾਜਦੀਪ ਸਿੰਘ ਝੱਲੀ ਵੱਲੋਂ ਲਾਏ ਗਏ, ਇਸ ਬੂਟੇ ਦੇ ਫਲ ਦੇ ਰੂਪ ਵਿੱਚ ਕੀ ਪਤਾ? ਆਉਂਦੇ ਪੰਜ-ਦਸ ਸਾਲਾਂ ਵਿੱਚ ਕੋਈ ਪੰਜਾਬੀ ਖਿਡਾਰੀ ਕਿਸੇ ਗਰੇਂਡ ਸਲੇਮ ਟੂਰਨਾਮੈਂਟ ਵਿਚ ਕੈਨੇਡਾ ਦੇਸ਼ ਵੱਲੋਂ ਖੇਡਦਾ ਵਿਖਾਈ ਨਜ਼ਰ ਆਏ। ਟੈਨਿਸ ਇੱਕ ਮਹਿੰਗੀ ਖੇਡ ਹੈ ਅਤੇ ਪੰਜਾਬੀਆ ਵਿੱਚ ਇਹ ਬਹੁਤੀ ਹਰਮਨ ਪਿਆਰੀ ਵੀ ਨਹੀਂ ਪਰੰਤੂ ਜੇਕਰ ਨਿਊਟਨ ਕਲੱਬ ਨੂੰ ਆਪਣੇ ਭਾਈਚਾਰੇ, ਖੇਡ ਪ੍ਰੇਮੀਆ ਅਤੇ ਹੋਰ ਅਧਿਕਾਰਤ ਸੰਸਥਾਵਾਂ ਦਾ ਸਹਿਯੋਗ ਮਿਲਦਾ ਰਿਹਾ ਤਾਂ ਇਸ ਪੇਸ਼ੇਵਾਰ ਖੇਡ ਵਿੱਚ ਵੀ ਕਾਮਯਾਬੀ ਦੀਆ ਮੰਜ਼ਿਲਾਂ ਸਰ ਕੀਤੀਆਂ ਜਾ ਸਕਦੀਆਂ ਹਨ। ਨਿਊਟਨ ਟੈਨਿਸ ਕਲੱਬ ਦੀ ਮਿਹਨਤ ਅਤੇ ਕੋਸ਼ਿਸ਼ਾਂ ਨੂੰ ਉਸ ਵੇਲੇ ਬੂਰ ਪਿਆ ਜਦੋਂ 'ਨਿਊਟਨ ਅਥਲੈਟਿਕ ਪਾਰਕ' ਵਿੱਚ ਉਨ੍ਹਾਂ ਨੂੰ ਰਿਜ਼ਰਵ ਕੋਰਟ ਦੀ ਪ੍ਰਾਪਤੀ ਹੋਈ ਜਿਸ ਦੀ ਅਣਹੋਂਦ ਕਾਰਨ ਉਨ੍ਹਾਂ ਨੂੰ ਪਿਛਲੇ ਸਮੇਂ ਦੌਰਾਨ ਪ੍ਰੈਕਟਿਸ ਦੌਰਾਨ ਕਈ ਤਰ੍ਹਾਂ ਦੀਆਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਮੀਦ ਹੈ ਕਿ ਹੁਣ ਕਲੱਬ ਹੋਰ ਵੀ ਨਵੇਂ ਜੋਸ਼ ਨਾਲ ਆਪਣੇ ਭਵਿੱਖ ਦੇ ਸਫਰ ਵੱਲ ਅੱਗੇ ਵਧੇਗਾ।

ਜੇਕਰ ਇਸ ਕਲੱਬ ਦੀ ਪੂਰੀ ਕਾਰਜਸ਼ੈਲੀ ਉੱਪਰ ਝਾਤ ਮਾਰੀਏ ਤਾਂ ਜਸਵੀਰ ਪੰਧੇਰ (ਜੋ ਕਿ ਮੇਰੇ ਪਿੰਡ ਭਾਰਟਾ ਗਣੇਸ਼ਪੁਰ ਤੋਂ ਹਨ) ਅਤੇ ਰਾਜਦੀਪ ਸਿੰਘ ਝੱਲੀ ਤੋਂ ਇਲਾਵਾ ਜੋ ਨਾਮ ਉੱਭਰ ਕੇ ਸਾਹਮਣੇ ਆਉਂਦੇ ਹਨ ਉਹ ਹਨ: ਗੁਰਿੰਦਰ ਡੇਹਲੋ, ਗੁਰਮੁਖ ਸਿੰਘ ਝੂਟੀ, ਅਮਰਜੀਤ ਸਿੰਘ ਸੰਧੂ, ਅਮਨਦੀਪ ਸਿੰਘ ਵੜੈਚ, ਸੁੱਖ ਥਿੰਦ, ਗੁਰਦੇਵ ਸਿੰਘ ਬੋਗਨ ਆਦਿ। ਗੁਰਿੰਦਰ ਡੇਹਲੋ ਜੋ ਆਪ ਫ਼ੀਲਡ ਹਾਕੀ ਦੇ ਬਹੁਤ ਵਧੀਆ ਖਿਡਾਰੀ ਰਹੇ ਹਨ ਅਤੇ ਮੈਨੀਟੋਬਾ ਫ਼ੀਲਡ ਹਾਕੀ ਦੇ ਪ੍ਰਧਾਨ ਦੀ ਭੂਮਿਕਾ ਵੀ ਨਿਭਾਂ ਚੁੱਕੇ ਹਨ, ਹੁਣ ਉਹ ਨਿਊਟਨ ਕਲੱਬ ਨਾਲ ਜੁੜ ਕੇ ਟੈਕਨੀਕਲ ਅਤੇ ਸੰਚਾਰ ਸਲਾਹਕਾਰ ਦੇ ਰੂਪ ਵਿੱਚ ਕਲੱਬ ਨੂੰ ਆਪਣੀ ਵੱਡਮੁਲੀਆ ਸੇਵਾਵਾਂ ਪ੍ਰਦਾਨ ਕਰ ਰਹੇ ਹਨ। ਨਿਊਟਨ ਕਲੱਬ ਬਾਰੇ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਇਸ ਕਲੱਬ ਦੀ ਵੈੱਬਸਾਈਟ . ਨੂੰ ਸਰਫ਼ ਕੀਤਾ ਜਾ ਸਕਦਾ ਹੈ। ਕਲੱਬ ਦਾ ਮੁੱਖ ਮੋਟੋ ਹੈ ਕਿ ਅਸੀਂ ਇੱਕਜੁੱਟ ਹੋ ਕੇ ਖੇਡਾਂਗੇ ਅਤੇ ਜਿੱਤਾਂਗੇ। ਲੋੜ ਹੈ ਤਾਂ ਇਸ ਕਲੱਬ ਦੇ ਵੱਧ ਤੋਂ ਵੱਧ ਮੈਂਬਰ ਬਣਨ ਦੀ ਜਾਂ ਕਿਸੇ ਹੋਰ ਸਕਾਰਾਤਮਿਕ ਢੰਗ-ਤਰੀਕੇ ਨਾਲ ਸਹਿਯੋਗ ਕਰਨ ਦੀ ਤਾਂ ਕਿ ਇਸ ਦੇ ਮੋਢੀ ਸੱਜਣਾਂ ਵੱਲੋਂ ਵੇਖੇ ਇਸ ਵੱਡੇ ਸੁਪਨੇ ਨੂੰ ਨੇੜਲੇ ਭਵਿੱਖ ਅੰਦਰ ਹਕੀਕਤ ਵਿੱਚ ਬਦਲਿਆ ਜਾ ਸਕੇ... ਆਮੀਨ !

# ਬਰੈਂਪਟਨ ਸਿਟੀ ਦੀਆਂ ਚੋਣਾਂ ਅਤੇ ਸੀਨੀਅਰਜ਼ ਕਲੱਬਾਂ

ਲੋਕ ਰਾਜੀ ਸਿਸਟਮ ਦੇ ਅੰਦਰ ਲੋਕਾਂ ਨੂੰ ਸਥਾਨਿਕ ਪੱਧਰ ਤੇ ਆਪਣੇ ਨੁੰਮ-ਾਇੰਦੇ ਚੁਣ ਸਕਣ ਦੀ ਵਿਵਸਥਾ ਹੈ ਜੋ ਸ਼ਹਿਰ, ਕਸਬਾ ਜਾਂ ਪਿੰਡ ਪੱਧਰ ਦੀ ਸਭਾ ਲਈ ਲੋਕ ਆਪਣੇ ਨੁਮਾਇੰਦੇ ਚੁਣ ਕੇ ਸ਼ਹਿਰ, ਕਸਬੇ ਜਾਂ ਪਿੰਡ ਦੀ ਬਿਹਤਰੀ ਕਰਨ ਲਈ ਅਧਿਕਾਰ ਦੇ ਦੇਣ। ਸਮਝਿਆ ਜਾਂਦਾ ਹੈ ਕਿ ਸਥਾਨਿਕ ਲੋਕ ਹੀ ਸਥਾਨਿਕ ਲੋੜਾਂ ਲਈ ਬਿਰਤਰ ਸਮਝ ਸਕਦੇ ਹਨ ਅਤੇ ਲੋਕਾਂ ਨਾਲ ਰਾਇ ਮਸ਼ਵਰਾ ਕਰਨਾ ਸੁਖਾਲਾ ਹੋ ਸਕਦਾ ਹੈ। ਜਿਸ ਥਾਂ ਤੇ ਲੋਕਾਂ ਆਪਣੇ ਨੁਮਾਇੰਦੇ ਸੋਚ ਸਮਝ ਕੇ ਯੋਗ ਚੁਣ ਲੈਂਦੇ ਹਨ। ਉਹ ਮਿਲ ਬੈਠ ਕੇ ਉਸ ਸ਼ਹਿਰ ,ਕਸਬੇ ਜਾਂ ਪਿੰਡ ਦੀ ਕਾਇਆ ਹੀ ਬਦਲ ਦਿੰਦੇ ਹਨ। ਜੇ ਲੋਕ ਕਿਸੇ ਸਮਝ ਤੋਂ ਊਣੇ ਹੋ ਕੇ ਲਾਲਚ, ਭਾਈਚਾਰਾ ਜਾਂ ਲਿਹਾਜਦਾਰੀ ਨਾਲ ਅਯੋਗ ਨਮਾਇੰਦੇ ਚੁਣ ਲੈਂਦੇ ਹਨ ਤਾ ਸਮਝੋ ਪੰਜ ਜਾਂ ਚਾਰ ਸਾਲ ਲਈ ਤਰੱਕੀ ਦਾ ਪੁੱਠਾ ਗੇੜਾ ਲੱਗ ਜਾਂਦਾ ਹੈ । ਕੁੱਝ ਕੁ ਲਾਲਚੀ ਲਿਹਾਜਦਾਰੀ ਵਾਲੇ ਲੋਕਾਂ ਦੇ ਨਿਗੂਣੇ ਜਿਹੇ ਲਾਲਚ ਕਾਰਨ ਸਮੁਚਾ ਸ਼ਹਿਰ ,ਕਸਬਾ ਜਾਂ ਪਿੰਡ ਕਸ਼ਟ ਭੋਗਦਾ ਹੈ। ਉਹਨਾਂ ਕਾਰਨ ਬੱਚਿਆਂ ਦਾ ਭਵਿਖ ਦਾਅ ਤੇ ਲੱਗ ਜਾਂਦਾ ਹੈ।

ਬਰੈਂਪਟਨ ਸ਼ਹਿਰ ਦੀਆਂ ਮੇਅਰ, ਰਿਜਨਲ ਕੌਂਸਲਰ, ਕੌਂਸਲਰ ਅਤੇ ਸਕੂਲ ਟਰੱਸਟੀ ਦੀਆਂ ਚੋਣਾ ਹੋਣ ਜਾ ਰਹੀਆਂ ਹਨ ਜਿੰਨਾਂ ਲਈ ਅਖਰੀ ਵੋਟਾਂ ਚੌਵੀ ਅਕਤੂਬਰ ਨੂੰ ਪੈਣੀਆਂ ਹਨ। ਹਰ ਉਮੀਦਵਾਰ ਨੇ ਲੋਕਾਂ ਵਿੱਚ ਜਾ ਕੇ ਆਪਣੇ ਲਈ ਪਰਚਾਰ ਕਰਨਾ ਹੈ ਦਸਣਾ ਹੈ ਕਿ ਕਿਸ ਤਰ੍ਹਾਂ ਉਹ ਤੁਹਾਡੀ ਵੋਟ ਦਾ ਹੱਕਦਾਰ ਹੈ। ਹਰ ਇਕ ਉਮੀਦਵਾਰ ਲੋਕਾਂ ਕੋਲ ਆਪਣੀ ਪਹੁੰਚ ਕਰਨੀ ਹੈ। ਕਈ ਉਮੀਦਵਾਰਾਂ ਵਿੱਚੋਂ ਹਰ ਇੱਕ ਵੋਟਰ ਨੇ ਆਪਣੀ ਮਰਜੀ ਨਾਲ ਆਪਣੀ ਪਸੰਦ ਦਾ ਉਮੀਦਵਾਰ ਚੁਨਣ ਲਈ ਮੱਤ ਜਾਹਰ ਕਰਨਾ ਹੈ। ਇਸ ਲਈ ਵੋਟਰ ਦਾ ਹਰ ਉਮੀਦਵਾਰ ਨੂੰ ਸੁਨਣਾ ਜਰੂਰੀ ਹੈ। ਸ਼ਾਇਦ ਜਿਸ ਉਮੀਦਵਾਰ ਬਾਰੇ ਉਹ ਕਿਸੇ ਤੋਂ ਸੁਣ ਸੁਣਾ ਕੇ ਵਿਰੋਧ ਦਾ ਮਨ ਬਣਾਈ ਬੈਠਾ ਹੋਵੇ ਤੇ ਨਿਜੀ ਤੌਰ ਤੇ ਸੁਣ ਕੇ ਵੇਖ ਕੇ ਉਸ ਦਾ ਮਨ ਉਸੇ ਨੂੰ ਵੋਟ ਦੇਣ ਤੇ ਆ ਜਾਏ ਅਤੇ ਉਹ ਲਾਭਕਾਰੀ ਹੋਵੇ। ਇਸ ਲਈ ਜੇ ਵੋਟਰ ਦਾ ਵੋਟ ਦੇਣ ਦਾ ਅਧਿਕਾਰ ਹੈ ਤਾਂ ਫਰਜ਼ ਵੀ ਹੈ ਕਿ ਠੀਕ ਨਿਰਨਾ ਕਰਨ ਲਈ ਖੁੱਲੇ ਮਨ ਨਾਲ ਸੁਣੇ। ਤਾਂ ਹੀ ਠੀਕ ਫੈਸਲਾ ਕਰ ਸਕਦਾ ਹੈ। ਇਹ ਵੇਖਣਾ ਵੀ ਸਾਡਾ ਸੁਨਿਸਚਤ ਬਣਦਾ ਹੈ ਕਿ ਪਿਛਲੀ ਕੌਂਸਲ ਦੇ ਸਮੇਂ ਵਿੱਚ ਸਿਟੀ ਕੌਂਸਲ ਦੀ ਕਾਰਗੁਜਾਰੀ ਕਿਹੋ ਜਿਹੀ ਰਹੀ ਹੈ।



ਹਰਚੰਦ ਸਿੰਘ ਬਾਸੀ

ਕਿੰਨਾਂ ਮੈਂਬਰਾਂ ਦੇ ਰੀਕਾਰਡ ਮਾੜੇ ਰਹੇ। ਇਹ ਸੁਣੀ ਸੁਣਾਈ ਨਹੀਂ ਲਿਖਤੀ ਰਿਕਾਰਡ ਬੋਲਦੇ ਹਨ ਪਰ ਫਿਰ ਵੀ ਉਹ ਮੈਦਾਨ ਵਿੱਚ ਹਨ। ਪਤਾ ਨਹੀ ਜਾਂ ਤਾਂ ਉਹ ਲੋਕਾਂ ਦੀ ਸਮਝ ਦੀ ਪਰਖ ਕਰਨਾ ਚਾਹੁੰਦੇ ਹਨ ਕਿ ਜੇ ਲੋਕ ਚੁਣ ਲੈਂਦੇ ਹਨ ਤਾ ਲੋਕਾਂ ਦੀ ਸਮਝ ਤੇ ਸਵਾਲ ਉਠਣੇ ਲਾਜ਼ਮੀ ਹੈ। ਜੇ ਲੋਕ ਨਿਕਾਰ ਦਿੰਦੇ ਹਨ ਤਾ ਸਮਝ ਲੈਣਾ ਚਾਹੀਦਾ ਹੈ ਕਿ ਲੋਕ ਸੰਵੇਦਣਸੀਲ ਹਨ। ਆਪਣੀ ਸਮਝ ਨਾਲ ਚੰਗੇ ਮਾੜੇ ਨੂੰ ਸਵੀਕਾਰਦੇ ਅਤੇ ਨਿਕਾਰਦੇ ਹਨ। ਪਿਛਲੇ ਚਾਰ ਸਾਲ ਬਰੈਂਪਟਨ ਨਿਵਾਸੀ ਸਿਟੀ ਅੰਦਰ ਜੋ ਨੂਰਾ ਕੁਸ਼ਤੀ ਹੁੰਦੀ ਰਹੀ ਉਸ ਨੂੰ ਭੁਲ ਜਾਣ ਤਾਂ ਸ਼ੁਭ ਸ਼ਗਣ ਨਹੀਂ।

ਇਸੇ ਤਰ੍ਹਾ ਸਾਡੀਆਂ ਸੀਨੀਅਰਜ਼ ਦੀਆਂ ਕਲੱਬਾਂ ਦੀ ਚੋਣ ਹੁੰਦੀ ਹੈ। ਪਰਧਾਨ ਅਤੇ ਕਾਰਜਕਰਨੀ ਚੁਣੀ ਜਾਂਦੀ ਹੈ। ਲੋਕਾਂ ਨੇ ਆਪਣੀ ਮਰਜ਼ੀ ਨਾਲ ਚੋਣ ਕਿਤੀ ਹੁੰਦੀ ਹੈ। ਜਿਸ ਨੂੰ ਬਹੁਮੱਤ ਨਾਲ ਚੁਣਿਆ ਜਾਦਾ ਹੈ ਉਹ ਨਿਸਚਤ ਕਾਰਜਕਾਲ ਲਈ ਨੁਮਾਇੰਦੀ ਕਰਦਾ ਹੈ। ਚੰਗੇ ਵਿਅੱਕਤੀ ਚੰਗਾ ਪਰਬੰਧ ਕਰਦੇ ਹਨ ਅਤੇ ਉਸਤਤ ਹੁੰਦੀ ਹੈ। ਮਾੜਿਆਂ ਦੇ ਕੰਮ ਦੀ ਕੰਮ ਅਨੁਸਾਰ ਟੀਕਾ ਟਿਪਣੀ ਹੁੰਦੀ ਹੈ। ਪਰ ਇੱਕ ਗੱਲ ਚੇਤੇ ਰੱਖਣੀ ਅਤਿ ਜਰੂਰੀ ਹੈ ਕਿ ਚੁਣੇ ਗਏ ਨੁਮਾਇੰਦੇ ਕਲੱਬ ਦੇ ਮੈਂਬਰਾਂ ਦੇ ਨਿਜੀ ਅਧਿਕਾਰਾਂ ਦਾ ਸੋਸ਼ਣ ਨਹੀਂ ਕਰ ਸਕਦੇ। ਇਹ ਕੋਈ ਰਾਜਨੀਤਕ ਸਭਾਵਾਂ ਨਹੀਂ ਇਹ ਗੈਰ ਰਾਜਨੀਤਿਕ ਨੋ ਪਰੌਫਿਟ ਨੋ ਲੌਸ ਦੀ ਸਭਾਵਾਂ ਹਨ। ਕੋਈ ਪਰਧਾਨ ਸੈਕਟਰੀ ਕਲੱਬ ਦੇ ਬੀਹਾਫ ਤੇ ਨਿਰਨਾ ਨਹੀਂ ਕਰ ਸਕਦਾ ਕਿ ਫਲਾਣੇ ਉਮੀਦਵਾਰ ਨੂੰ ਵੋਟ ਪਾਉ। ਫਲਾਣੇ ਉਮੀਦਵਾਰ ਨੂੰ ਮੰਚ ਤੋਂ ਬੋਲਣ ਦੇਣਾ ਹੈ ਜਾ ਫਲਾਣੇ ਨੂੰ ਨਹੀਂ ਬੋਲਣ ਦੇਣਾ। ਜੇ ਕੋਈ ਇੰਝ ਕਰਦਾ ਹੈ ਜਾਂ ਤਾਂ ਉਹ ਕਲੱਬ ਦੇ ਉਦੇਸ਼ਾਂ ਤੋਂ ਜਾਣੂ ਨਹੀਂ ਜਾਂ ਛੋਟੀ ਜਿਹੀ ਸੰਸਥਾ ਦਾ ਪਰਧਾਨ ਬਣਕੇ ਆਪਣੀ ਊਣੀ ਸਮਝ ਦਾ ਦਿਵਾਲਾ ਕੱਢਦਾ ਹੈ। ਉਸ ਕਲੱਬ ਵਿੱਚ ਹਰ ਵਿਚਾਰ ਦੇ ਮੈਂਬਰ ਹੋ ਸਕਦੇ ਹਨ। ਇਹ ਵੀ ਹੋ ਸਕਦਾ ਪਰਧਾਨ ਦੇ ਵਿਚਾਰਾਂ ਨਾਲ ਰਾਜਨੀਤਕ ਤੌਰ ਤੇ ਬਹੁਤੇ ਜਾਂ ਥੋੜੇ ਸਹਿਮਤ ਨਾ ਹੋਣ। ਉਹ ਆਪਣੀ ਧਾਕੜ ਬਿਰਤੀ ਨਾਲ ਰੋਹਬ ਪਾਉਣਾ ਚਾਹੁੰਦਾ ਹੋਵੇ। ਇਸ ਲਈ ਅਜਿਹੇ ਨੁਮਾਇੰਦੇ ਕਿਤੇ ਵੀ ਹੋਣ ਨਿੰਦੇ ਜਾਣੇ ਚਾਹੀਦੇ ਹਨ। ਅਜਿਹਾ ਕੁੱਝ ਇੱਕ ਕਲੱਬ ਵਿੱਚ ਵਾਪਰਿਆ ਹੈ ਜਿਸ ਨੂੰ ਠੀਕ ਨਹੀਂ ਠਹਿਰਾਇਆ ਜਾ ਸਕਦਾ। ਰਾਜਨੀਤਕ ਤੌਰ ਤੇ ਹਰ ਵਿਅੱਕਤੀ ਨੂੰ ਪਰਧਾਨ ਸਮੇਤ ਅਜ਼ਾਦੀ ਹੈ ਕਿ ਜਿਸ ਉਮੀਦਵਾਰ ਨੂੰ ਚਾਹੁੰਦਾ ਹੈ ਵੋਟ ਪਾਏ।

ਸੀਨੀਅਰਜ਼ ਦੀਆਂ ਕਲੱਬਾਂ ਨੂੰ ਆਪਣੇ ਦਾਇਰੇ ਅੰਦਰ ਰਹਿ ਕੇ ਕੰਮ ਕਰਨਾ ਚਾਹੀਦਾ ਹੈ। ਨਹੀਂ ਤਾਂ ਜਲਦੀ ਆਪਣੇ ਉਦੇਸ਼ ਤੋਂ ਭਟਕ ਕੇ ਆਪਣੀ ਸਾਰਥਿਕਤਾ ਗੁਆ ਲੈਣ ਗੀਆਂ। ਕਿੰਗ ਮੇਕਰ ਬਨਣ ਦੀ ਪਰਵਿਰਤੀ ਨੂੰ ਛੱਡ ਕੇ ਕਲੱਬਾਂ ਦਾ ਕੰਮ ਸੀਨੀਅਰਜ਼ ਲਈ ਕੰਮ ਕਰਨਾ ਹੈ। ਕੁੱਝ ਕਲੱਬਾ ਬਹੁਤ ਅੱਛਾ ਕੰਮ ਕਰਹੀਆਂ ਹਨ। ਸਾਡੇ ਸੱਭਿਆਚਾਰ ਸਾਹਿਤ ਨਾਟ ਕਲਾ ਆਦਿ ਨੂੰ ਸੁਰਿਅਖਤ ਰੱਖਿਆ ਹੈ। ਬਹੁਤ ਕਲੱਬਾ ਵਿੱਚ ਪੜ੍ਹੇ ਲਿਖੇ ਵਿਅੱਕਤੀ ਵੀ ਹਨ ਉਹਨਾਂ ਨੂੰ ਕੋਈ ਵਿਚਾਰ ਗੋਸ਼ਟੀਆਂ ਰੱਖਣੀਆਂ ਚਾਹੀਦੀਆਂ ਹਨ। ਉਹਨਾਂ ਨੂੰ ਕਰਮਸ਼ੀਲ ਯੋਗਤਾ ਵਿਖਾਉਣੀ ਚਾਹੀਦੀ ਹੈ। ਕਿਸ ਤਰ੍ਹਾ ਅਸੀਂ ਇਥੋਂ ਦੇ ਸਿਸਟਮ ਦਾ ਹਿੱਸਾ ਬਣ ਕੇ ਆਪਣੇ ਵਿਚਲੀਆਂ ਕਮੀਆਂ ਨੂੰ ਦੂਰ ਕਰ ਸਕਦੇ ਹਾਂ। ਹਰ ਰੋਜ਼ ਜਾਣੇ ਅਣਜਾਣੇ ਸਾਡੇ ਵਿਵਹਾਰ ਦੀਆਂ ਕਹਾਣੀਆਂ ਸੁਣੀਦੀਆਂ ਹਨ। ਇਸ ਲਈ ਆਪਾ ਪੜਚੋਲ ਕਰਨੀ ਚਾਹੀਦੀ ਹੈ। ਇਕੱਲੇ ਮੇਲੇ ਟੂਰ ਸਮੋਸੇ ਪਕੌੜੇ ਸਾਡਾ ਟੀਚਾ ਨਹੀਂ ਹੋਣਾ ਚਾਹੀਦਾ।

## ਵਿਦਿਆਰਥਣ ਨੇ ਊਬਰ ਆਟੋ ਡਰਾਈਵਰ 'ਤੇ ਜਿਨਸੀ ਸ਼ੋਸ਼ਣ ਦਾ ਦੋਸ਼ ਲਗਾਇਆ



ਚੇਨਈ, 27 ਸਤੰਬਰ (ਪੋਸਟ ਬਿਊਰੋ)- ਚੇਨਈ ਵਿਚ ਇਕ ਊਬਰ ਆਟੋਰਿਕਸ਼ਾ ਡਰਾਈਵਰ ਨੇ ਕਥਿਤ ਤੌਰ 'ਤੇ ਇਕ ਕਾਲਜ ਵਿਦਿਆਰਥਣ ਦਾ ਜਿਨਸੀ ਸ਼ੋਸ਼ਣ ਕੀਤਾ ਅਤੇ ਰੌਲਾ ਪਾਉਣ 'ਤੇ ਆਪਣੇ ਵਾਹਨ ਨੂੰ ਪਿੱਛੇ ਛੱਡ ਕੇ ਭੱਜ ਗਿਆ। ਘਟਨਾ ਬੀਤੀ ਰਾਤ ਉਸ ਸਮੇਂ ਵਾਪਰੀ, ਜਦੋਂ ਵਿਦਿਆਰਥਣ ਆਪਣੀ ਸਹੇਲੀ ਨਾਲ ਸ਼ਹਿਰ ਦੇ ਇਕ ਹੋਟਲ ਵਿਚ ਵਾਪਸ ਆ ਰਹੀ ਸੀ।

ਟਵਿੱਟਰ 'ਤੇ ਘਟਨਾ ਦਾ ਵੇਰਵਾ ਦਿੰਦਿਆਂ ਵਿਦਿਆਰਥਣ ਨੇ ਕਿਹਾ ਕਿ ਉਸਨੇ ਸੇਮਨਚੇਰੀ ਦੇ ਇਕ ਰੈਸਟੋਰੈਂਟ ਤੋਂ ਇਕ ਹੋਟਲ ਤੱਕ ਊਬਰ ਆਟੋਰਿਕਸ਼ਾ ਦੀ ਸਵਾਰੀ ਬੁੱਕ ਕੀਤੀ ਸੀ। ਉਸਨੇ ਦੋਸ਼ ਲਗਾਇਆ ਕਿ ਜਿਵੇਂ ਹੀ ਉਹ ਅਤੇ ਉਸਦੀ ਦੋਸਤ ਮੰਜ਼ਲ 'ਤੇ ਪਹੁੰਚਣ ਤੋਂ ਬਾਅਦ ਆਟੋ ਤੋਂ ਹੇਠਾਂ ਉਤਰੇ ਤਾਂ ਡਰਾਈਵਰ ਨੇ ਉਸ ਨੂੰ ਗਲਤ ਤਰੀਕੇ ਨਾਲ ਛੂਹ ਲਿਆ।

ਬਾਅਦ ਵਿੱਚ ਇਕ ਟਵੀਟ ਵਿਚ ਉਸਨੇ ਕਿਹਾ ਕਿ ਅਲਾਰਮ ਵੱਜਣ ਤੋਂ ਬਾਅਦ ਡਰਾਈਵਰ ਮੌਕੇ ਤੋਂ ਭੱਜ ਗਿਆ। ਘਟਨਾ ਤੋਂ ਬਾਅਦ ਲੜਕੀ ਨੇ ਦਾਅਵਾ ਕੀਤਾ ਕਿ ਉਸ ਨੇ ਪੁਲਸ ਨੂੰ ਫ਼ੋਨ ਕੀਤਾ ਪਰ ਪੁਲਸ ਵੱਲੋਂ ਕੋਈ ਮਦਦ ਨਹੀਂ ਮਿਲੀ। ਪੀੜਤਾ ਨੇ ਦੱਸਿਆ ਕਿ ਘਟਨਾ ਦੇ 30 ਮਿੰਟ ਬਾਅਦ ਇੱਕ ਪੁਲਿਸ ਮੁਲਾਜ਼ਮ ਦੂਜੇ ਵਿਅਕਤੀ ਨਾਲ ਹੋਟਲ ਪਹੁੰਚਿਆ, ਉਸਨੇ ਦਾਅਵਾ ਕੀਤਾ, ਪਰ ਉੱਥੇ ਕੋਈ ਮਹਿਲਾ ਪੁਲਿਸ ਕਰਮਚਾਰੀ ਨਹੀਂ ਸੀ। "ਉਨ੍ਹਾਂ ਨੇ ਸਾਨੂੰ ਐਫਆਈਆਰ ਦਰਜ ਕਰਨ ਲਈ ਸਵੇਰ ਤੱਕ ਇੰਤਜ਼ਾਰ ਕਰਨ ਲਈ ਕਿਹਾ ਕਿਉਂਕਿ ਸਟੇਸ਼ਨ 'ਤੇ ਕੋਈ ਮਹਿਲਾ ਅਧਿਕਾਰੀ ਨਹੀਂ ਸੀ।

## ਬੰਗਲਾਦੇਸ਼ ਵਿਚ ਕਿਸ਼ਤੀ ਪਲਟਣ ਨਾਲ 60 ਲੋਕਾਂ ਦੀ ਹੋਈ ਮੌਤ



ਢਾਕਾ, 27 ਸਤੰਬਰ (ਪੋਸਟ ਬਿਊਰੋ): ਬੰਗਲਾਦੇਸ਼ ਦੇ ਪੰਚਗੜ੍ਹ ਵਿੱਚ ਐਤਵਾਰ ਨੂੰ ਕਿਸ਼ਤੀ ਪਲਟਣ ਕਾਰਨ ਹੁਣ ਤਕ 60 ਲੋਕਾਂ ਦੀ ਮੌਤ ਹੋ ਗਈ ਹੈ। ਐਤਵਾਰ ਨੂੰ ਮਰਨ ਵਾਲਿਆਂ ਦੀ ਗਿਣਤੀ 26 ਸੀ, ਜੋ ਹੁਣ ਵਧ ਗਈ ਹੈ। ਦੱਸਿਆ ਜਾ ਰਿਹਾ ਹੈ ਕਿ ਕਿਸ਼ਤੀ ਪਲਟਣ ਤੋਂ ਬਾਅਦ ਗੋਤਾਖ਼ੋਰਾਂ ਦੀ ਟੀਮ ਲਾਸ਼ਾਂ ਦੀ ਭਾਲ ਅਤੇ ਬਚਾਅ ਲਈ ਨਦੀ 'ਤੇ ਖੋਜ਼ ਕਰਨ 'ਚ ਲੱਗੀ ਹੋਈ ਸੀ। ਇਸ ਬਚਾਅ ਕਾਰਜ ਨੂੰ ਦੇਖਣ ਲਈ ਨਦੀ ਦੇ ਕੰਢੇ ਹਜ਼ਾਰਾਂ ਲੋਕ ਇਕੱਠੇ ਹੋ ਗਏ।

ਜਾਣਕਾਰੀ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ ਦੇ ਹਵਾਲੇ ਨਾਲ ਕਿਹਾ ਕਿ ਦੀਪਾਂਕਰ ਰਾਏ ਨੇ ਮਰਨ ਵਾਲਿਆਂ ਦੀ ਗਿਣਤੀ ਦੀ ਪੁਸ਼ਟੀ ਕੀਤੀ ਹੈ। ਮਰਨ ਵਾਲਿਆਂ ਵਿੱਚ 25 ਔਰਤਾਂ ਅਤੇ 13 ਬੱਚੇ ਸ਼ਾਮਲ ਹਨ। ਇਹ ਸਾਰੇ ਲੋਕ ਇੱਕ ਕਿਸ਼ਤੀ ਵਿੱਚ ਸਵਾਰ ਹੋ ਕੇ ਮਹਾਲਿਆ (ਤਿਉਹਾਰ) ਮਨਾਉਣ ਲਈ ਬੋਦੇਸ਼ਵਰੀ ਮੰਦਰ ਜਾ ਰਹੇ ਸਨ। ਮੁਤਾ-ਬਕ ਐਤਵਾਰ ਦੁਪਹਿਰ ਨੂੰ ਮਾਰੀਆ ਯੂਨੀਅਨ ਦੇ ਔਲੀਆ ਘਾਟ ਤੋਂ ਕਿਸ਼ਤੀ ਪਲਟਣ ਦੀ ਸੂਚਨਾ ਮਿਲੀ। ਇਸ ਘਟਨਾ ਦੀ ਪੁਸ਼ਟੀ ਪੰਜਗੜ੍ਹ ਦੇ ਡਿਪਟੀ ਕਮਿਸ਼ਨਰ ਜ਼ਹੀਰੁਲ ਇਸਲਾਮ ਨੇ ਕੀਤੀ।

## ਦਿੱਲੀ ਸ਼ਰਾਬ ਨੀਤੀ ਮਾਮਲੇ ਵਿਚ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਦੇ ਸਹਿਯੋਗੀ ਵਿਜੇ ਨਾਇਰ ਗ੍ਰਿਫ਼ਤਾਰ



ਨਵੀਂ ਦਿੱਲੀ, 27 ਸਤੰਬਰ (ਪੋਸਟ ਬਿਊਰੋ) - ਦਿੱਲੀ ਆਬਕਾਰੀ ਨੀਤੀ ਮਾਮਲੇ ਦੀ ਜਾਂਚ ਕਰ ਰਹੀ ਸੀਬੀਆਈ ਨੇ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਦੇ ਕਰੀਬੀ ਵਿਜੇ ਨਾਇਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਸੀਬੀਆਈ ਦੀ ਐਫਆਈਆਰ ਵਿੱਚ ਵਿਜੇ ਨਾਇਰ ਪੰਜਵੇਂ ਨੰਬਰ ਦਾ ਮੁਲਜ਼ਮ ਹੈ। ਇੱਕ ਇਵੈਂਟ ਮੈਨੇਜਮੈਂਟ ਕੰਪਨੀ ਦੇ ਸਾਬਕਾ ਸੀ.ਈ.ਓ. ਵਿਜੇ ਨਾਇਰ ਲੰਬੇ ਸਮੇਂ ਤੋਂ ਆਮ ਆਦਮੀ ਪਾਰਟੀ ਨਾਲ ਜੁੜੇ ਹੋਏ ਹਨ, ਹਾਲਾਂਕਿ ਉਨ੍ਹਾਂ ਕੋਲ ਕੋਈ ਅਹੁਦਾ ਨਹੀਂ ਹੈ। ਸੀਬੀਆਈ ਮਨੀਸ਼ ਸਿਸੋਦੀਆ ਅਤੇ ਵਿਜੇ ਨਾਇਰ ਸਮੇਤ ਘੱਟੋ-ਘੱਟ 14 ਹੋਰ ਵਿਅਕਤੀਆਂ ਦੀ ਭੂਮਿਕਾ ਦੀ ਜਾਂਚ ਕਰ ਰਹੀ ਹੈ।

ਸਤੰਬਰ ਦੇ ਪਹਿਲੇ ਹਫ਼ਤੇ ਤੱਕ ਸੀਬੀਆਈ ਨੇ ਦਿੱਲੀ ਦੇ ਆਬਕਾਰੀ ਮਾਮਲੇ ਵਿਚ ਇੱਕ ਵਾਰ ਪੰਜ ਲੋਕਾਂ ਤੋਂ ਪੁੱਛਗਿੱਛ ਕੀਤੀ ਸੀ। ਇਹ ਪੰਜ ਲੋਕ ਹਨ ਸੰਨੀ ਮਰਵਾਹਾ, ਅਮਨਦੀਪ ਢੱਲ, ਅਮਿਤ ਅਰੋੜਾ, ਸਮੀਰ ਮਹਿੰਦਰੂ ਅਤੇ ਅਰੁਣ ਰਾਮਚੰਦਰ ਪਿੱਲਈ। ਇਨ੍ਹਾਂ ਸਾਰਿਆਂ ਤੋਂ ਇੱਕ ਵਾਰ ਸੀਬੀਆਈ ਹੈੱਡਕੁਆਰਟਰ ਵਿਚ ਪੁੱਛਗਿੱਛ ਕੀਤੀ ਗਈ ਸੀ। ਵਿਜੇ ਨਾਇਰ ਅਤੇ ਦਿਨੇਸ਼ ਅਰੋੜਾ ਵਿਦੇਸ਼ ਸਨ ਇਸ ਲਈ ਉਨ੍ਹਾਂ ਤੋਂ ਪੁੱਛਗਿੱਛ ਨਹੀਂ ਕੀਤੀ ਗਈ।

ਐਫਆਈਆਰ ਦੇ ਅਨੁਸਾਰ, ਸੰਨੀ ਮਾਰਵਾਹ ਮਹਾਦੇਵ ਸ਼ਰਾਬ ਵਿਚ ਇੱਕ ਅਥੋਰਾਈਜ਼ਡ ਸਿਗਨੇਟਰੀ ਸੀ ਅਤੇ ਪੌਂਟੀ ਚੱਢਾ ਨਾਲ ਸਬੰਧਤ ਕੰਪਨੀਆਂ ਵਿੱਚ ਡਾਇਰੈਕਟਰ ਵੀ ਹੈ। ਸੰਨੀ ਮਾਰਵਾਹ ਉਸ ਵੇਲੇ ਦੇ ਆਬਕਾਰੀ ਅਧਿਕਾਰੀਆਂ ਦੇ ਬਹੁਤ ਕਰੀਬੀ ਦੱਸੇ ਜਾਂਦੇ ਹਨ। ਉਹ ਆਬਕਾਰੀ ਅਧਿਕਾਰੀਆਂ ਨੂੰ ਫਾਇਦਾ ਪਹੁੰਚਾ ਕੇ ਲਾਇਸੈਂਸ ਦਿਵਾਉਣ ਵਿਚ ਵਿਚੋਲੇ ਦਾ ਕੰਮ ਕਰਦਾ ਸੀ। ਮਹਾਦੇਵ ਲਿਕਰਸ ਕੰਪਨੀ ਓਖਲਾ ਦੇ ਬੀ 303 ਇੰਡਸਟਰੀਅਲ ਏਰੀਆ ਵਿਚ ਸਥਿਤ ਹੈ। ਇਸ ਤੋਂ ਇਲਾਵਾ 38 ਕਾਲਕਾਜੀ ਵਿੱਚ ਵੀ ਇੱਕ ਦਫ਼ਤਰ ਹੈ। ਇਸ 'ਚ ਸੰਨੀ ਮਾਰਵਾਹ ਸਿਗਨੇਟਰੀ ਹਨ।

## ਰੂਸ ਨੇ ਜਾਪਾਨ ਦੇ ਡਿਪਲੋਮੈਟ ਨੂੰ ਹਿਰਾਸਤ ਵਿਚ ਲਿਆ, ਜਾਪਾਨ ਵੱਲੋਂ ਮੁਆਫ਼ੀ ਦੀ ਮੰਗ



ਮਾਸਕੋ, 27 ਸਤੰਬਰ (ਪੋਸਟ ਬਿਊਰੋ): ਰੂਸ ਨੇ ਆਪਣੇ ਪੂਰਬੀ ਸ਼ਹਿਰ ਵਲਾਦੀਵੋਸਤੋਕ ਵਿੱਚ ਇੱਕ ਜਾਪਾਨੀ ਡਿਪਲੋਮੈਟ ਨੂੰ 'ਸੰਵੇਦਨਸ਼ੀਲ' ਜਾਣਕਾਰੀ ਹਾਸਲ ਕਰਨ ਦੀ ਕੋਸ਼ਿਸ਼ ਕਰਨ ਦੇ ਦੋਸ਼ ਵਿੱਚ ਹਿਰਾਸਤ ਵਿੱਚ ਲਿਆ। ਰੂਸੀ ਨਿਊਜ਼ ਏਜੰਸੀਆਂ ਨੇ ਇਹ ਜਾਣਕਾਰੀ ਦਿੱਤੀ। ਇਸ ਦੌਰਾਨ ਜਾਪਾਨ ਨੇ ਰੂਸੀ ਅਧਿਕਾਰੀਆਂ 'ਤੇ "ਅਪਮਾਨਜਨਕ" ਪੁੱਛਗਿੱਛ ਦਾ ਦੋਸ਼ ਲਗਾਇਆ ਅਤੇ ਜਾਪਾਨੀ ਕੌਂਸਲੇਟ ਦੇ ਅਧਿਕਾਰੀ ਨੂੰ ਜਾਸੂਸੀ ਦੇ ਦੋਸ਼ਾਂ ਵਿੱਚ ਹਿਰਾਸਤ ਵਿੱਚ ਲਏ ਜਾਣ ਤੋਂ ਦੋਸ਼ਾਂ ਨੂੰ ਖਾਰਿਜ ਕਰਦਿਆਂ ਰੂਸ ਤੋਂ ਇਸ ਮਾਮਲੇ ਵਿਚ ਮੁਆਫੀ ਮੰਗਣ ਦੀ ਮੰਗ ਕੀਤੀ।

ਰੂਸ ਦੇ ਵਿਦੇਸ਼ ਮੰਤਰਾਲੇ ਨੇ ਸੋਮਵਾਰ ਨੂੰ ਮਾਸਕੋ ਵਿੱਚ ਜਾਪਾਨ ਦੇ ਦੂਤਘਰ ਨੂੰ ਸੂਚਿਤ ਕੀਤਾ ਕਿ ਅਧਿਕਾਰੀ ਨੂੰ "ਅਣਚਾਹੇ ਵਿਅਕਤੀ" ਘੋਸ਼ਿਤ ਕੀਤਾ ਗਿਆ ਹੈ ਅਤੇ ਗੈਰ-ਕਾਨੂੰਨੀ ਜਾਸੂਸੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਲਈ 48 ਘੰਟਿਆਂ ਦੇ ਅੰਦਰ ਦੇਸ਼ ਛੱਡਣ ਲਈ ਕਿਹਾ ਗਿਆ ਹੈ। ਜਾਪਾਨ ਦੇ ਮੁੱਖ ਕੈਬਨਿਟ ਸਕੱਤਰ ਹੀਰੋਕਾਜ਼ੂ ਮਾਤਸੁਨੋ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਰੂਸ ਦੀ ਕਾਰਵਾਈ ਪੂਰੀ ਤਰ੍ਹਾਂ ਬੇਬੁਨਿਆਦ ਹੈ। ਮਾਤ-ਸੁਨੋ ਨੇ ਕਿਹਾ ਕਿ ਜਾਪਾਨ ਦੇ ਉਪ ਵਿਦੇਸ਼ ਮੰਤਰੀ ਤਕਿਓ ਮੋਰੀ ਨੇ ਰੂਸੀ ਰਾਜਦੂਤ ਨੂੰ ਤਲਬ ਕਰਕੇ ਇਸ ਘਟਨਾ 'ਤੇ ਸਖ਼ਤ ਰੋਸ ਜ਼ਾਹਰ ਕੀਤਾ ਹੈ। ਉਸ ਨੇ ਇਸ ਘਟਨਾ ਲਈ ਰੂਸ ਸਰਕਾਰ ਤੋਂ ਰਸਮੀ ਮੁਆਫੀ ਮੰਗਣ ਦੀ ਮੰਗ ਕੀਤੀ ਹੈ ਅਤੇ ਅਜਿਹੀ ਘਟਨਾ ਦੁਬਾਰਾ ਨਾ ਵਾਪਰੇ ਇਸ ਲਈ ਕਦਮ ਚੁੱਕੇ ਜਾਣੇ ਦੀ ਮੰਗ ਕੀਤੀ।

ਜਾਣਕਾਰੀ ਅਨੁਸਾਰ 'ਪੈਸੇ ਲੈ ਕੇ ਸੰਵੇਦਨਸ਼ੀਲ ਜਾਣਕਾਰੀ ਲੈਂਦੇ ਹੋਏ ਇਕ ਜਾਪਾਨੀ ਡਿਪਲੋਮੈਟ ਨੂੰ ਰੰਗੇ ਹੱਥੀਂ ਫੜਿਆ ਗਿਆ। ਉਹ ਰੂਸ ਬਾਰੇ ਜਾਣਕਾਰੀ ਹਾਸਲ ਕਰ ਰਿਹਾ ਸੀ, ਜਿਸ ਨੂੰ ਏਸ਼ੀਆ-ਪ੍ਰਸ਼ਾਂਤ ਖੇਤਰ ਦੇ ਕਿਸੇ ਹੋਰ ਦੇਸ਼ ਨਾਲ ਸਾਂਝਾ ਕਰਨ ਦੀ ਮਨਾਹੀ ਹੈ। ਨਿਊਜ਼ ਏਜੰਸੀਆਂ ਮੁਤਾਬਕ ਰੂਸ ਦੀ ਸੰਘੀ ਸੁਰੱਖਿਆ ਸੇਵਾ (ਐਫ. ਐਸ. ਬੀ.) ਨੇ ਦੋਸ਼ ਲਾਇਆ ਕਿ ਵਲਾਦੀਵੋਸਤੋਕ 'ਚ ਮੌਜੂਦਾ ਕੌਂਸਲਰ ਮੋਟੋਕੀ ਤਾਤਸੁਨੋਰੀ ਨੇ "ਪੱਛਮੀ ਪਾਬੰਦੀਆਂ ਦਾ ਪ੍ਰਭਾਵ" ਨਾਲ ਜੁੜੀ ਜਾਣਕਾਰੀ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਸੀ। ਉੱਥੇ ਜਾਪਾਨ ਦੇ ਵਿਦੇਸ਼ ਮੰਤਰਾਲੇ ਨੇ ਕਿਹਾ ਕਿ 22 ਸਤੰਬਰ ਨੂੰ ਇਕ ਅਧਿਕਾਰੀ ਨੂੰ ਹਿਰਾਸਤ 'ਚ ਲਿਆ ਗਿਆ ਅਤੇ ਉਸ ਦੀ ਅੱਖਾਂ 'ਤੇ ਪੱਟੀ ਬੰਨ੍ਹ ਕੇ ਪੁੱਛਗਿੱਛ ਕੀਤੀ ਗਈ ਸੀ

## ਬਾਲੀਵੁੱਡ ਵਿਚ ਬੇਮਿਸਾਲ ਯੋਗਦਾਨ ਲਈ ਅਦਾਕਾਰਾ ਆਸ਼ਾ ਪਾਰੇਖ ਹੋਣਗੇ 'ਦਾਦਾ ਸਾਹਿਬ ਫਾਲਕੇ ਪੁਰਸਕਾਰ' ਨਾਲ ਸਨਮਾਨਿਤ



ਨਵੀਂ ਦਿੱਲੀ, 27 ਸਤੰਬਰ (ਪੋਸਟ ਬਿਊਰੋ): ਦਿੱਗਜ ਅਦਾਕਾਰਾ ਆਸ਼ਾ ਪਾਰੇਖ ਨੂੰ ਸਾਲ 2022 ਵਿੱਚ ਦਾਦਾ ਸਾਹਿਬ ਫਾਲਕੇ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ। ਇਹ ਜਾਣਕਾਰੀ ਕੇਂਦਰੀ ਮੰਤਰੀ ਅਨੁਰਾਗ ਠਾਕੁਰ ਨੇ ਦਿੱਤੀ ਹੈ। ਆਸ਼ਾ ਪਾਰੇਖ ਹਿੰਦੀ ਸਿਨੇਮਾ ਦੀ ਇੱਕ ਅਜਿਹੀ ਅਭਿਨੇਤਰੀ ਹੈ, ਜਿਸ ਨੇ ਬਹੁਤ ਛੋਟੀ ਉਮਰ ਵਿੱਚ ਬਾਲੀਵੁੱਡ ਵਿੱਚ ਡੈਬਿਊ ਕੀਤਾ ਸੀ। ਉਨ੍ਹਾਂ ਨੇ 1952 'ਚ ਆਈ ਫਿਲਮ 'ਮਾਂ' ਤੋਂ ਬਾਲ ਕਲਾਕਾਰ ਦੇ ਰੂਪ 'ਚ ਡੈਬਿਊ ਕੀਤਾ ਸੀ। ਇਸ ਤੋਂ ਬਾਅਦ ਬਾਲ ਕਲਾਕਾਰ ਦੇ ਤੌਰ 'ਤੇ ਉਨ੍ਹਾਂ ਨੇ ਆਸਮਾਨ, ਧੋਬੀ ਡਾਕਟਰ, ਬਾਪ ਬੇਟੀ ਵਰਗੀਆਂ ਕਈ ਫਿਲਮਾਂ 'ਚ ਕੰਮ ਕੀਤਾ। 'ਆਣ ਮਿਲੋ ਸਜਨਾ' ਅਤੇ 'ਕਟੀ ਪਤੰਗ' ਵਰਗੀਆਂ ਫਿਲਮਾਂ ਕਰ ਚੁੱਕੇ ਅਦਾਕਾਰਾ ਆਸ਼ਾ ਪਾਰੇਖ ਨੂੰ 'ਦਾਦਾ ਸਾਹਿਬ ਫਾਲਕੇ ਐਵਾਰਡ 2022' ਨਾਲ ਸਨਮਾਨਿਤ ਕੀਤਾ ਜਾ ਰਿਹਾ ਹੈ। 60-70 ਦੇ ਦਹਾਕੇ 'ਚ ਆਪਣੀ ਅਦਾਕਾਰੀ ਨਾਲ ਪ੍ਰਸ਼ੰਸਕਾਂ ਦੇ ਦਿਲਾਂ 'ਤੇ ਰਾਜ ਕਰਨ ਵਾਲੀ ਆਸ਼ਾ ਪਾਰੇਖ ਨੂੰ ਬਾਲੀਵੁੱਡ 'ਚ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਲਈ ਇਹ ਸਨਮਾਨ ਦਿੱਤਾ ਜਾ ਰਿਹਾ ਹੈ।

## ਜਾਪਾਨ ਦੇ ਸਾਬਕਾ ਪ੍ਰਧਾਨ ਮੰਤਰੀ ਸ਼ਿੰਜੋ ਆਬੇ ਦਾ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ

* ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਮੇਤ ਵਿਸ਼ਵ ਦੇ ਨੇਤਾਵਾਂ ਨੇ ਦਿੱਤੀ ਸ਼ਰਧਾਂਜਲੀ





ਟੋਕੀਓ, 27 ਸਤੰਬਰ, 27 ਸਤੰਬਰ (ਪੋਸਟ ਬਿਊਰੋ): ਜਾਪਾਨ ਦੇ ਸਾਬਕਾ ਪ੍ਰਧਾਨ ਮੰਤਰੀ ਸ਼ਿੰਜੋ ਆਬੇ ਦਾ ਸਰਕਾਰੀ ਤੌਰ 'ਤੇ ਅੰਤਿਮ ਸਸਕਾਰ ਟੋਕੀਓ ਦੇ ਨਿਪੋਨ ਬੁਡੋਕਾਨ ਕਮਿਊਨਿਟੀ ਸੈਂਟਰ ਵਿੱਚ ਕੀਤਾ ਗਿਆ। ਇੱਥੇ ਮੋਦੀ ਸਮੇਤ 700 ਤੋਂ ਵੱਧ ਵਿਸ਼ਵ ਦੇ ਨੇਤਾਵਾਂ ਨੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ। ਇਸ ਦੌਰਾਨ ਜਾਪਾਨ ਦਾ ਸ਼ਾਹੀ ਪਰਿਵਾਰ ਵੀ ਮੌਜੂਦ ਸੀ। ਕ੍ਰਾਊਨ ਪ੍ਰਿੰਸ ਅਕੀਸ਼ਨਿ, ਉਨ੍ਹਾਂ ਦੀ ਪਤਨੀ ਕ੍ਰਾਊਨ ਪ੍ਰਿੰਸੈਸ ਕੀਕੋ ਅਤੇ ਸ਼ਾਹੀ ਪਰਿਵਾਰ ਦੇ ਹੋਰ ਮੈਂਬਰਾਂ ਨੇ ਆਬੇ ਨੂੰ ਸ਼ਰਧਾਂਜਲੀ ਦਿੱਤੀ। ਇਸ ਤੋਂ ਬਾਅਦ ਰਾਸ਼ਟਰੀ ਗੀਤ ਗਾਇਆ ਗਿਆ ਅਤੇ ਆਬੇ ਨੂੰ 19 ਤੋਪਾਂ ਦੀ ਸਲਾਮੀ ਦਿੱਤੀ ਗਈ। ਆਬੇ ਦੀ ਯਾਦ ਵਿੱਚ 2 ਮਿੰਟ ਦਾ ਮੌਨ ਵੀ ਰੱਖਿਆ ਗਿਆ। ਜ਼ਿਕਰਯੋਗ ਹੈ ਕਿ ਆਬੇ ਦੀ 8 ਜੁਲਾਈ ਨੂੰ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਇਸ ਤੋਂ ਬਾਅਦ 15 ਜੁਲਾਈ ਨੂੰ ਸ਼ਿੰਜੋ ਦਾ ਪਰਿਵਾਰਕ ਤੌਰ 'ਤੇ ਸਸਕਾਰ ਕਰ ਦਿੱਤਾ ਗਿਆ। ਇਸ ਲਈ, ਅੱਜ ਜੋ ਸਰਕਾਰੀ ਅੰਤਿਮ ਸਸਕਾਰ ਹੋਇਆ, ਉਹ ਪ੍ਰਤੀਕਾਤਮਕ ਸੀ। ਲੋਕ ਅਜੇ ਵੀ ਇਸ ਸਸਕਾਰ ਦਾ ਵਿਰੋਧ ਕਰ ਰਹੇ ਹਨ। ਨਿਪੋਨ ਬੁਡੋਕਨ ਦੇ ਬਾਹਰ ਪ੍ਰਦਰਸ਼ਨ ਜਾਰੀ ਹੈ।




## 2024 ਤਕ ਕਰੰਸੀ ਨੋਟ 'ਤੇ ਹੋਵੇਗੀ ਕਿੰਗ ਚਾਰਲਸ ਦੀ ਤਸਵੀਰ : ਬੈਂਕ ਆਫ ਇੰਗਲੈਂਡ



ਨਵੀਂ ਦਿੱਲੀ, 27 ਸਤੰਬਰ (ਪੋਸਟ ਬਿਊਰੋ): ਬੈਂਕ ਆਫ ਇੰਗਲੈਂਡ ਨੇ ਮੰਗਲਵਾਰ ਨੂੰ ਕਿਹਾ ਕਿ ਕਿੰਗ ਚਾਰਲਸ ਦੀ ਤਸਵੀਰ ਵਾਲੇ ਬੈਂਕ ਨੋਟ 2024 ਦੇ ਮੱਧ ਤਕ ਚਲਨ 'ਚ ਆਉਣ ਦੀ ਉਮੀਦ ਹੈ। ਇਸ ਸਮੇਂ ਬੈਂਕ ਆਫ ਇੰਗਲੈਂਡ ਦੀ ਕਰੰਸੀ 'ਤੇ ਮਹਾਰਾਣੀ ਐਲਿਜ਼ਾਬੈੱਥ ਦੀ ਤਸਵੀਰ ਲੱਗੀ ਹੋਈ ਹੈ। 70 ਸਾਲ ਦੇ ਰਾਜ ਤੋਂ ਬਾਅਦ ਇਸ ਮਹੀਨੇ ਦੇ ਸ਼ੁਰੂ 'ਚ ਉਨ੍ਹਾਂ ਦੀ ਮੌਤ ਹੋ ਗਈ ਸੀ। ਬ੍ਰਿਟੇਨ ਦੇ ਕਰੰਸੀ ਨੋਟ 'ਤੇ ਮਹਾਰਾਣੀ ਦੀ ਤਸਵੀਰ 1960 ਤੋਂ ਲਗਾਈ ਜਾ ਰਹੀ ਹੈ। ਪਹਿਲੀ ਵਾਰ ਕਿੰਗ ਚਾਰਲਸ ਬ੍ਰਿਟੇਨ ਦੇ ਸ਼ਾਹੀ ਟਕਸਾਲ ਵੱਲੋਂ ਜਾਰੀ ਕੀਤੇ ਗਏ ਸਿੱਕਿਆਂ 'ਤੇ ਨਜ਼ਰ ਆਉਣਗੇ। 17ਵੀਂ ਸਦੀ 'ਚ ਕਿੰਗ ਚਾਰਲਸ ਦੇ ਰਾਜਗੱਦੀ ਉੱਤੇ ਬਿਰ-ਾਜਮਾਨ ਹੋਣ ਤੋਂ ਬਾਅਦ ਬ੍ਰਿਟਿਸ਼ ਸਿੱਕਿਆਂ ਲਈ ਇਕ ਵਿਸ਼ੇਸ਼ ਰਿਵਾਜ ਦਾ ਪਾਲਣ ਕੀਤਾ ਗਿਆ ਹੈ। ਨਵੇਂ ਰਾਜੇ ਦਾ ਉਸਦੇ ਪਿਛਲੇ ਗੱਦੀਨਸ਼ੀਨ ਤੋਂ ਉਲਟੀ ਦਿਸ਼ਾ ਵਿਚ ਮੂੰਹ ਕੀਤੇ ਹੋਏ ਚਿੱਤਰ ਬਣਾਇਆ ਹੈ। ਐਲਿਜ਼ਾਬੈੱਥ ਦਾ ਮੂੰਹ ਸਿੱਕਿਆਂ 'ਤੇ ਸੱਜੇ ਪਾਸੇ ਸੀ, ਇਸ ਲਈ ਉਮੀਦ ਕੀਤੀ ਜਾ ਰਹੀ ਹੈ ਕਿ ਚਾਰਲਸ ਦਾ ਮੂੰਹ ਖੱਬੇ ਪਾਸੇ ਦਿਖਾਇਆ ਜਾਵੇਗਾ।

ਬੈਂਕ ਆਫ ਇੰਗਲੈਂਡ ਨੇ ਇਕ ਬਿਆਨ 'ਚ ਕਿਹਾ ਕਿ ਕੇਂਦਰੀ ਬੈਂਕ ਸਾਲ ਦੇ ਅੰਤ ਤਕ ਪੋਲੀਮਰ ਨੋਟਾਂ 'ਤੇ ਨਵੇਂ ਸਮਰਾਟ ਦੀ ਤਸਵੀਰ ਜਾਰੀ ਕਰ ਦੇਵੇਗਾ। ਬੈਂਕ ਆਫ ਇੰਗਲੈਂਡ ਨੇ ਇਹ ਵੀ ਕਿਹਾ ਹੈ ਕਿ 5, 10, 20 ਤੇ 50 ਪੌਂਡ ਦੇ ਨੋਟਾਂ 'ਚ ਕੋਈ ਵਾਧੂ ਬਦਲਾਅ ਨਹੀਂ ਕੀਤਾ ਜਾਵੇਗਾ।

ਬੈਂਕ ਆਫ ਇੰਗਲੈਂਡ ਨੇ ਕਿਹਾ ਹੈ ਕਿ ਮਹਾਰਾਣੀ ਦੀ ਤਸਵੀਰ ਵਾਲੇ ਮੌਜੂਦਾ ਪੋਲੀਮਰ ਨੋਟ ਕਾਨੂੰਨੀ ਕਰੰਸੀ ਬਣੇ ਰਹਿਣਗੇ ਤੇ ਸਿਰਫ਼ ਖਰਾਬ ਹੋਣ ਤੋਂ ਬਾਅਦ ਹੀ ਪ੍ਰਚਲਨ 'ਚੋਂ ਹਟਾਏ ਜਾਣਗੇ। ਤੁਹਾਨੂੰ ਦੱਸ ਦੇਈਏ ਕਿ ਬੈਂਕ ਆਫ ਇੰਗਲੈਂਡ ਨੇ ਇਹ ਐਲਾਨ ਅਜਿਹੇ ਸਮੇਂ ਕੀਤਾ ਹੈ ਜਦੋਂ ਕਾਗਜ਼ੀ ਨੋਟਾਂ ਦੇ ਸਰਕੂਲੇਸ਼ਨ ਦੀ ਡੈੱਡਲਾਈਨ ਨੇੜੇ ਆ ਰਹੀ ਹੈ। 30 ਸਤੰਬਰ ਨੂੰ ਯੂਕੇ 'ਚ ਕਾਗਜ਼ੀ ਨੋਟ ਹੁਣ ਕਾਨੂੰਨੀ ਕਰੰਸੀ ਦੇ ਰੂਪ 'ਚ ਸਵੀਕਾਰ ਨਹੀਂ ਕੀਤੇ ਜਾਣਗੇ। ਦਾ ਕਹਿਣਾ ਹੈ ਕਿ ਪਿਛਲੇ ਹਫਤੇ ਤਕ ਅਜਿਹੇ 11 ਅਰਬ ਨੋਟ ਸਰਕੂਲੇਸ਼ਨ 'ਚ ਬਚੇ ਸਨ।




## ਮੋਦੀ, ਯੋਗੀ ਦੀਆਂ ਤਸਵੀਰਾਂ ਵਾਲਾ ਬੁਲਡੋਜ਼ਰ ਅਮਰੀਕਾ 'ਚ ਸੜਕਾਂ 'ਤੇ ਪਰੇਡ, ਪ੍ਰਬੰਧਕਾਂ ਨੂੰ ਮੰਗਣੀ ਪਈ ਮੁਆਫੀ

ਨਿਊਜਰਸੀ, 27 ਸਤੰਬਰ (ਪੋਸਟ ਬਿਊਰੋ): ਅਮਰੀਕਾ ਦੇ ਨਿਊਜਰਸੀ 'ਚ ਹਾਲ ਹੀ 'ਚ ਹੋਈ ਪਰੇਡ 'ਚ ਪ੍ਰਧਾਨ ਮੰਤਰੀ ਮੋਦੀ ਅਤੇ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਦੀ ਤਸਵੀਰ ਲਗਾ ਕੇ ਬੁਲਡੋਜ਼ਰ ਸੜਕ 'ਤੇ ਚਲਾਇਆ ਗਿਆ। ਇਸ ਕਾਰਨ ਨਾਗਰਿਕ ਅਧਿਕਾਰ ਸਮੂਹ ਇਸ ਦਾ ਵਿਰੋਧ ਕਰ ਰਹੇ ਹਨ। ਇਸ ਪਰੇਡ ਦੇ ਆਯੋਜਕ ਇੰਡੀਅਨ ਬਿਜ਼ਨਸ ਐਸੋਸੀਏਸ਼ਨ ਦੇ ਪ੍ਰਧਾਨ ਨੂੰ ਭਾਰਤੀ-ਅਮਰੀਕੀ ਘੱਟ ਗਿਣਤੀ ਸਮੂਹ ਅਤੇ ਦੇਸ਼ ਅਤੇ ਦੁਨੀਆ ਦੇ ਖਾਸ ਕਰਕੇ ਮੁਸਲਮਾਨਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਲਈ ਮੁਆਫੀ ਮੰਗਣੀ ਪਈ। ਉਨ੍ਹਾਂ ਕਿਹਾ ਕਿ ਕਿਸੇ ਵੀ ਪਰੇਡ ਵਿਚ ਵੰਡਣ ਵਾਲੇ ਚਿੰਨ੍ਹ ਦੀ ਵਰਤੋਂ ਨਹੀਂ ਹੋਣੀ ਚਾਹੀਦੀ।

ਬੁਲਡੋਜ਼ਰ ਭਾਰਤ ਵਿੱਚ ਵਿਰੋਧ ਪ੍ਰਦਰਸ਼ਨਾਂ ਵਿਰੁੱਧ ਕਾਰਵਾਈ ਦਾ ਪ੍ਰਤੀਕ ਬਣ ਗਏ ਹਨ। ਇਨ੍ਹਾਂ ਵਿੱਚ ਮੁਸਲਿਮ ਨਾਗਰਿਕਾਂ ਦੇ ਕੁਝ ਹਾਈ-ਪ੍ਰੋਫਾਈਲ ਕੇਸ ਵੀ ਸ਼ਾਮਲ ਹਨ। ਅਮਰੀਕੀ ਸੜਕਾਂ 'ਤੇ ਬੁਲਡੋਜ਼ਰ ਦੇਖ ਕੇ ਕੁਝ ਭਾਰਤੀ ਪ੍ਰਵਾਸੀ ਗੁੱਸੇ 'ਚ ਆ ਗਏ। ਉਨ੍ਹਾਂ ਨੇ ਇਸ ਨੂੰ ਸਭ ਨੂੰ ਗਲੇ ਲਗਾਉਣ ਵਾਲੇ ਦੇਸ਼ ਦੇ ਸਿਧਾਂਤਾਂ ਲਈ ਖ਼ਤਰਾ ਦੱਸਿਆ। ਪਰ ਵਿਦੇਸ਼ ਮੰਤਰੀ ਡਾਕਟਰ ਜੈਸ਼ੰਕਰ ਨੇ ਅਮਰੀਕੀ ਮੀਡੀਆ ਦੀ ਨਿੰਦਾ ਕਰਦਿਆਂ ਇਸ ਨੂੰ ਪੱਖਪਾਤੀ ਕਵਰੇਜ ਦੱਸਿਆ।

ਬ੍ਰਿਟੇਨ ਦੇ ਲੈਂਕੈਸਟਰ 'ਚ ਕਈ ਦਹਾਕਿਆਂ ਤੋਂ ਹਿੰਦੂ ਅਤੇ ਮੁਸਲਿਮ ਭਾਈਚਾਰਾ ਇਕੱਠੇ ਰਹਿੰਦੇ ਹਨ ਪਰ ਹੁਣ ਉਨ੍ਹਾਂ ਵਿਚਾਲੇ ਤਣਾਅ ਵਧਦਾ ਜਾ ਰਿਹਾ ਹੈ। ਹਾਲ ਹੀ ਵਿੱਚ, ਮਾਸਕ ਪਹਿਨੇ ਲਗਭਗ 300 ਨੌਜਵਾਨਾਂ (ਕਥਿਤ ਤੌਰ 'ਤੇ ਹਿੰਦੂ ਨੌਜਵਾਨ) ਨੇ ਮੁਸਲਿਮ ਪ੍ਰਭਾਵ ਵਾਲੇ ਖੇਤਰ ਵਿੱਚ ਮਾਰਚ ਕੀਤਾ ਅਤੇ ਨਾਅਰੇ ਲਗਾਏ। ਰਿਪੋਰਟਾਂ ਮੁਤਾਬਕ ਭਾਰਤ-ਪਾਕਿ-ਸਤਾਨ ਕ੍ਰਿਕਟ ਪ੍ਰੇਮੀਆਂ ਵਿਚਾਲੇ ਝੜਪ ਹੌਲੀ-ਹੌਲੀ ਫਿਰਕੂ ਹਿੰਸਾ 'ਚ ਬਦਲ ਗਈ।



# ਇੱਕ ਮਿਸ਼ਨ ਹੈ ਜੋ ਮੈਂ ਪੰਜਾਬ ਅਤੇ ਭਾਰਤ ਲਈ ਪੂਰਾ ਕਰਨਾ ਹੈ : ਕੈਪਟਨ ਅਮਰਿੰਦਰ

ਚੰਡੀਗੜ੍ਹ, 27 ਸਤੰਬਰ (ਗਿਆਨ ਸਿੰਘ): ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਅੱਜ ਕਿਹਾ ਕਿ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਉਨ੍ਹਾਂ ਨੇ ਇੱਕ ਮਿਸ਼ਨ ਪੂਰਾ ਕਰਨਾ ਹੈ। "ਮੇਰੇ ਕੋਲ ਇੱਕ ਮਿਸ਼ਨ ਹੈ ਜਿਸ ਨੂੰ ਪੂਰਾ ਕਰਨਾ ਹੈ ਅਤੇ ਉਹ ਹੈ ਰਾਜ ਅਤੇ ਦੇਸ਼ ਦੇ ਹਿੱਤ ਲਈ ਕੰਮ ਕਰਨਾ", ਉਸਨੇ ਟਿੱਪਣੀ ਕੀਤੀ।

ਅੱਜ ਇੱਥੇ ਸੂਬਾ ਭਾਜਪਾ ਹੈੱਡਕੁਆਰਟਰ ਵਿਖੇ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਆਪਣੀ ਪਹਿਲੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਪਾਰਟੀ ਪ੍ਰਧਾਨ ਜੇਪੀ ਨੱਡਾ ਦੇ ਹੱਥ ਮਜ਼ਬੂਤ ਕਰਨਾ ਚਾਹੁੰਦੇ ਹਨ।

ਦੋ ਵਾਰ ਪੰਜਾਬ ਦੇ ਮੁੱਖ ਮੰਤਰੀ ਰਹਿ ਚੁੱਕੇ ਕੈਪਟਨ ਨੇ ਕਰਤਾਰਪੁਰ ਲਾਂਘਾ ਖੋਲ੍ਹਣ ਅਤੇ ਤਿੰਨ ਖੇਤੀਬਾੜੀ ਕਾਨੂੰਨਾਂ ਨੂੰ ਵਾਪਸ ਲੈਣ ਲਈ ਪ੍ਰਧਾਨ ਮੰਤਰੀ ਮੋਦੀ ਦਾ ਧੰਨਵਾਦ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੂੰ ਪੰਜਾਬ ਨਾਲ ਵਿਸ਼ੇਸ਼ ਲਗਾਅ ਹੈ ਕਿਉਂਕਿ ਜਦੋਂ ਵੀ ਉਹ ਮੁੱਖ ਮੰਤਰੀ ਵਜੋਂ ਉਨ੍ਹਾਂ ਨੂੰ ਸੂਬੇ ਦੀ ਕੋਈ ਮੰਗ ਲੈ ਕੇ ਮਿਲੇ ਤਾਂ ਉਨ੍ਹਾਂ ਨੇ ਉਸ ਨੂੰ ਸਹਿਜੇ ਹੀ ਸਵੀਕਾਰ ਕਰ ਲਿਆ।

ਕੈਪਟਨ ਅਮਰਿੰਦਰ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਪੰਜਾਬ 'ਚ ਕੋਈ ਸ਼ਾਸਨ ਨਹੀਂ ਹੈ। ਉਨ੍ਹਾਂ ਕਿਹਾ ਕਿ ਜਰਮਨੀ ਵਿੱਚ ਜੋ ਵਾਪਰਿਆ, ਉਹ ਇੱਕ ਮੁੱਖ ਮੰਤਰੀ ਲਈ ਅਣਹੋਣੀ ਸੀ। ਉਨ੍ਹਾਂ ਕਿਹਾ ਕਿ ਇਹ ਰਾਘਵ ਚੱਢਾ ਹੀ ਹੈ ਜੋ ਅਰਵਿੰਦ ਕੇਜਰੀਵਾਲ ਦੀ ਕਮਾਨ ਹੇਠ ਸ਼ੋਅ ਚਲਾ ਰਿਹਾ ਹੈ। ਸੀਨੀਅਰ ਆਗੂ ਨੇ ਕਿਹਾ ਕਿ ਇਹ ਇੱਕ ਸਰਕਾਰ ਲਈ ਬੜੀ ਸ਼ਰਮਨਾਕ ਗੱਲ ਹੈ ਕਿ ਸੱਤਾ ਵਿੱਚ ਸਿਰਫ਼ ਛੇ ਮਹੀਨੇ ਰਹਿੰਦਿਆਂ ਉਸ ਨੂੰ ਆਪਣੇ ਲਈ ਭਰੋਸੇ ਦਾ ਵੋਟ ਲਿਆਉਣਾ ਪਿਆ ਹੈ। "ਇਸਦਾ ਮਤਲਬ ਹੈ ਕਿ ਤੁਸੀਂ ਪਹਿਲਾਂ ਹੀ ਆਪਣੇ ਲੋਕਾਂ ਦਾ ਭਰੋਸਾ ਗੁਆ ਚੁੱਕੇ ਹੋ", ਉਨ੍ਹਾਂ ਨੇ 'ਆਪ' ਲੀਡਰਸ਼ਿਪ 'ਤੇ ਤੰਜ ਕਸਦੇ ਕਿਹਾ।

ਇਸ ਦਿੱਗਜ ਆਗੂ ਨੇ ਪੰਜਾਬ ਵਿੱਚ 'ਆਪ' ਸਰਕਾਰ ਦੇ ਬਚਣ 'ਤੇ ਸ਼ੰਕਾ ਪ੍ਰਗਟ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਯਕੀਨ ਨਹੀਂ ਹੈ ਕਿ ਪੰਜਾਬ ਦੇ ਲੋਕ ਇਸ ਸਰਕਾਰ ਨੂੰ ਜ਼ਿਆਦਾ ਦੇਰ ਤੱਕ ਬਰਦਾ-ਸ਼ਤ ਕਰਨਗੇ। "ਸਾਨੂੰ ਲੜਾਈ ਲਈ ਤਿਆਰ ਰਹਿਣਾ ਪਵੇਗਾ ਅਤੇ ਜਦੋਂ ਵੀ ਮੌਕਾ ਮੰਗੇਗਾ ਅਸੀਂ ਲੜਾਂਗੇ", ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ।

ਸਾਬਕਾ ਮੁੱਖ ਮੰਤਰੀ ਨੇ ਸਿੱਖਸ ਫਾਰ ਜਸਟਿਸ ਦੇ ਆਗੂ ਗੁਰਪਤਵੰਤ ਸਿੰਘ ਪੰਨੂ 'ਤੇ ਵਰ੍ਹਦਿਆਂ ਕਿਹਾ ਕਿ ਉਹ ਸਮੁੱਚੇ ਭਾਈਚਾਰੇ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ, "ਪੰਜਾਬੀਆਂ ਨੇ ਦੁਨੀਆ ਭਰ ਵਿੱਚ ਆਪਣੇ ਲਈ ਇੱਕ ਮਾਣ ਵਾਲੀ ਥਾਂ ਬਣਾਈ ਹੈ ਅਤੇ ਪੰਨੂੰ ਵੱਲੋਂ ਜੋ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਸਨ, ਉਹ ਸਿਰਫ਼ ਬਦਨਾਮ ਹੀ ਕਰ ਰਹੀਆਂ ਸਨ।"


ਕੈਪਟਨ ਅਮਰਿੰਦਰ ਨੇ ਰਾਜਸਥਾਨ ਕਾਂਗਰਸ 'ਚ ਹੋ ਰਹੇ ਘਟਨਾਕ੍ਰਮ 'ਤੇ ਟਿੱਪਣੀ ਕਰਨ ਤੋਂ ਇਨਕਾਰ ਕਰਦਿਆਂ ਕਿਹਾ ਕਿ ਇਹ ਕਾਂਗਰਸ ਪਾਰਟੀ ਦਾ ਅੰਦਰੂਨੀ ਮਾਮਲਾ ਹੈ ਕਿਉਂਕਿ ਉਹ ਹੁਣ ਇਸ ਪਾਰਟੀ 'ਚ ਨਹੀਂ ਰਹੇ।

ਅਮਨ-ਕਾਨੂੰਨ ਦੇ ਮੁੱਦੇ ਅਤੇ ਪੰਜਾਬ ਪੁਲਿਸ ਦੇ ਖੁਫੀਆ ਹੈੱਡਕੁਆਰਟਰ 'ਤੇ ਆਰਪੀਜੀ ਹਮਲੇ ਵਰਗੀਆਂ ਘਟਨਾਵਾਂ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ, ਉਨ੍ਹਾਂ ਕਿਹਾ ਕਿ ਇਹ ਸ਼ਰਮ ਦੀ ਗੱਲ ਹੈ ਕਿ ਦੁਸ਼ਮਣ ਮੁਹਾਲੀ ਵਿੱਚ ਹਮਲਾ ਕਰ ਸਕਦੇ ਹਨ, ਜੋ ਚੰਡੀਗੜ੍ਹ ਦੇ ਬਹੁਤ ਨੇੜੇ ਹੈ। ਸਾਬਕਾ ਮੁੱਖ ਮੰਤਰੀ ਨੇ ਕਈ ਮੁੱਦਿਆਂ ਖਾਸ ਕਰਕੇ ਰਾਸ਼ਟਰੀ ਸੁਰੱਖਿਆ ਲਈ ਖਤਰੇ ਨਾਲ ਨਜਿੱਠਣ ਲਈ ਸੂਬਾ ਅਤੇ ਕੇਂਦਰ ਸਰਕਾਰ ਦਰਮਿਆਨ ਠੋਸ ਯਤਨਾਂ ਦਾ ਸੁਝਾਅ ਦਿੱਤਾ। ਪਰ, ਉਨ੍ਹਾਂ ਕਿਹਾ ਕਿ ਇਸ ਸਰਕਾਰ ਨੇ ਸਹਿਯੋਗੀ ਪਹੁੰਚ ਅਪਣਾਉਣ ਦੀ ਬਜਾਏ ਕੇਂਦਰ ਨਾਲ ਟਕਰਾਅ ਦਾ ਰਾਹ ਅਖਤਿਆਰ ਕਰ ਲਿਆ ਹੈ ਜੋ ਸੂਬੇ ਲਈ ਠੀਕ ਨਹੀਂ ਹੈ।

ਪ੍ਰੈੱਸ ਕਾਨਫਰੰਸ ਵਿੱਚ ਭਾਜਪਾ ਦੇ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ, ਸੀਨੀਅਰ ਆਗੂ ਸੁਨੀਲ ਕੁਮਾਰ ਜਾਖੜ, ਮਨੋਰੰਜਨ ਕਾਲੀਆ, ਡਾਕਟਰ ਰਾਜ ਕੁਮਾਰ ਵੇਰਕਾ ਅਤੇ ਹਰਜੀਤ ਸਿੰਘ ਗਰੇਵਾਲ ਵੀ ਮੌਕੇ ਤੇ ਹਾਜਰ ਸਨ।

# ਸਰਕਾਰੀ ਫੰਡਾਂ ਵਿੱਚ 65 ਲੱਖ ਰੁਪਏ ਦਾ ਘਪਲਾ ਦੇ ਦੋਸ਼ 'ਚ ਸਿੱਧਵਾਂ ਬੇਟ ਦਾ ਬੀਡੀਪੀਓ ਅਤੇ ਬਲਾਕ ਸੰਮਤੀ ਦਾ ਚੇਅਰਮੈਨ ਗ੍ਰਿਫਤਾਰ

## *ਮਨਜ਼ੂਰਸ਼ੁਦਾ ਰੇਟ ਨਾਲੋਂ ਦੁੱਗਣੀ ਕੀਮਤ 'ਤੇ ਖਰੀਦੀਆਂ ਸਟਰੀਟ ਲਾਈਟਾਂ *ਬਿਨ੍ਹਾਂ ਸਟਰੀਟ ਲਾਈਟਾਂ ਲਾਏ ਤਿਆਰ ਕੀਤਾ ਮੁਕੰਮਲਤਾ ਸਰਟੀਫਿਕੇਟ



ਚੰਡੀਗੜ੍ਹ, 27 ਸਤੰਬਰ (ਪੋਸਟ ਬਿਊਰੋ): ਰਾਜ ਵਿੱਚੋਂ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਚਲਾਈ ਜਾ ਰਹੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਪੰਜਾਬ ਨੇ ਅੱਜ ਸਿੱਧਵਾਂ ਬੇਟ ਬਲਾਕ, ਲੁਧਿਆਣਾ ਦੇ ਬੀ.ਡੀ.ਪੀ.ਓ ਸਤਵਿੰਦਰ ਸਿੰਘ ਕੰਗ ਅਤੇ ਸਿੱਧਵਾਂ ਬੇਟ ਬਲਾਕ ਸੰਮਤੀ ਦੇ ਚੇਅਰਮੈਨ ਲਖਵਿੰਦਰ ਸਿੰਘ ਨੂੰ 26 ਪਿੰਡਾਂ ਵਿੱਚ ਲਗਾਈਆਂ ਜਾਣ ਵਾਲੀਆਂ ਸਟਰੀਟ ਲਾਈਟਾਂ ਨੂੰ ਮਨਜ਼ੂਰਸ਼ੁਦਾ ਰੇਟ ਤੋਂ ਦੁੱਗਣੀ ਕੀਮਤ 'ਤੇ ਖਰੀਦ ਕੇ ਸਰਕਾਰੀ ਫੰਡਾਂ ਵਿੱਚ 65 ਲੱਖ ਰੁਪਏ ਦਾ ਘਪਲਾ ਕਰਨ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਜਾਂਚ ਨੰਬਰ 03 ਮਿਤੀ 12-07-2022 ਦੀ ਤਫ਼ਤੀਸ਼ ਦੌਰਾਨ ਪਾਇਆ ਗਿਆ ਕਿ ਸਤਵਿੰਦਰ ਸਿੰਘ ਬੀ.ਡੀ.ਪੀ.ਓ. (ਹੁਣ ਮੁਅੱਤਲ) ਨੂੰ ਸਿੱਧਵਾਂ ਬੇਟ ਬਲਾਕ ਵਿੱਚ ਆਪਣੀ ਤਾਇਨਾਤੀ ਦੌਰਾਨ 26 ਪਿੰਡਾਂ ਵਿੱਚ ਸਟਰੀਟ ਲਾਈਟਾਂ ਲਗਾਉਣ ਲਈ ਸਰਕਾਰੀ ਗਰਾਂਟ ਪ੍ਰਾਪਤ ਹੋਈ ਸੀ।

ਫੰਡਾਂ ਵਿੱਚ ਹੇਰਾਫੇਰੀ ਕਰਨ ਲਈ ਉਕਤ ਬੀਡੀਪੀਓ ਨੇ ਮੈਸਰਜ਼ ਅਮਰ ਇਲੈਕਟ੍ਰੀਕਲ ਐਂਟਰਪ੍ਰਾਈਜ਼ਜ਼ਿ ਦੇ ਮਾਲਕ ਗੌਰਵ ਸ਼ਰਮਾ ਨਾਲ ਮਿਲੀਭੁਗਤ ਜ਼ਰੀਏ 3325 ਰੁਪਏ ਦੇ ਪ੍ਰਵਾਨਿਤ ਰੇਟ ਦੇ ਮੁਕਾਬਲੇ ਜਾਣਬੁੱਝ ਕੇ 7,288 ਰੁਪਏ ਪ੍ਰਤੀ ਲਾਈਟ ਦੇ ਹਿਸਾਬ ਨਾਲ ਇਹ ਲਾਈਟਾਂ ਖਰੀਦੀਆਂ ਸਨ। ਇਸ ਤਰ੍ਹਾਂ ਉਸ ਨੇ 65 ਲੱਖ ਰੁਪਏ ਦੀ ਸਰਕਾਰੀ ਗਰਾਂਟ ਦਾ ਘਪਲਾ ਕਰਕੇ ਸਰਕਾਰੀ ਖਜ਼ਾਨੇ ਨੂੰ ਵਿੱਤੀ ਨੁਕਸਾਨ ਪਹੁੰਚਾਇਆ।

ਵਧੇਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਪੁਲਿਸ ਥਾਣਾ, ਆਰਥਿਕ ਅਪਰਾਧ ਵਿੰਗ, ਲੁਧਿਆਣਾ ਵਿਖੇ ਆਈ.ਪੀ.ਸੀ ਦੀ ਧਾਰਾ 409, 120-ਬੀ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13(1) (ਏ), 13(2) ਤਹਿਤ ਬੀ.ਡੀ.ਪੀ.ਓ. ਸਤਵਿੰਦਰ ਸਿੰਘ ਕੰਗ ਅਤੇ ਮੈਸਰਜ਼ ਅਮਰ ਇਲੈਕਟ੍ਰੀਕਲ ਇੰਟਰਪ੍ਰਾਈਜਿਜ਼ ਦੇ ਮਾਲਕ ਗੌਰਵ ਸ਼ਰਮਾ ਖਿਲਾਫ ਐਫ.ਆਈ.ਆਰ ਨੰਬਰ 10 ਮਿਤੀ 27-09-2022 ਦਰਜ ਕੀਤੀ ਗਈ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਜਾਂਚ ਦੌਰਾਨ ਬਾਅਦ ਵਿੱਚ ਸਿੱਧਵਾਂ ਬੇਟ ਬਲਾਕ ਸੰਮਤੀ ਦੇ ਚੇਅਰਮੈਨ ਲਖਵਿੰਦਰ ਸਿੰਘ ਨੂੰ ਵੀ ਇਸ ਕੇਸ ਵਿੱਚ ਨਾਮਜ਼ਦ ਕੀਤਾ ਗਿਆ। ਇਸ ਮਾਮਲੇ ਵਿੱਚ ਬੀਡੀਪੀਓ ਅਤੇ ਚੇਅਰਮੈਨ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਇਸ ਬਾਰੇ ਹੋਰ ਤਫਤੀਸ਼ ਜਾਰੀ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਬਲਾਕ ਸੰਮਤੀ ਸਿੱਧਵਾਂ ਬੇਟ ਦੇ ਮੈਂਬਰਾਂ ਵੱਲੋਂ 30-12-2021 ਨੂੰ ਸਟਰੀਟ ਲਾਈਟਾਂ ਲਗਾਉਣ ਦਾ ਮਤਾ ਪਾਸ ਕੀਤਾ ਗਿਆ ਸੀ ਪਰ ਮੁਲਜਮ ਬੀਡੀਪੀਓ ਨੇ ਮਤਾ ਪਾਸ ਹੋਣ ਤੋਂ ਪਹਿਲਾਂ ਹੀ 27-12-2021 ਨੂੰ ਕੋਟੇਸ਼ਨ ਮਨਜ਼ੂਰ ਕਰ ਦਿੱਤੀ। ਫੰਡਾਂ ਵਿੱਚ ਘਪਲੇ ਦੀ ਮਨਸ਼ਾ ਨਾਲ ਉਪਰੋਕਤ ਬੀਡੀਪੀਓ ਨੇ 26 ਪਿੰਡਾਂ ਵਿੱਚ ਇਹ ਸਟਰੀਟ ਲਾਈਟਾਂ ਬਿਨਾ ਲਾਏ ਹੀ ਇਸਦਾ ਮੁਕੰਮਲਤਾ ਸਰਟੀਫਿਕੇਟ ਵੀ ਤਿਆਰ ਕਰ ਲਿਆ ਸੀ। ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਸਪੀਕਰ ਸੰਧਵਾਂ ਵੱਲੋਂ ਮਹੰਤ ਬਾਬਾ ਜਰਨੈਲ ਸਿੰਘ ਯੂਥ ਕਲੱਬ ਨੂੰ 3 ਲੱਖ ਰੁਪਏ ਦਾ ਚੈੱਕ ਭੇਂਟ



ਕੋਟਕਪੂਰਾ, 27 ਸਤੰਬਰ (ਪੋਸਟ ਬਿਊਰੋ): ਬਾਬਾ ਜਰਨੈਲ ਸਿੰਘ ਜੀ ਦਰਵੇਸ਼ ਸ਼ਖਸ਼ੀਅਤ ਸਨ, ਉਹ ਭਾਵੇਂ ਸਾਡੇ ਦਰਮਿਆਨ ਨਹੀਂ ਰਹੇ ਪਰ ਉਹਨਾਂ ਦੀਆਂ ਸਿੱਖਿਆਵਾਂ ਸਾਡੇ ਲਈ ਪ੍ਰੇਰਨਾ ਸਰੋਤ ਬਣੀਆਂ ਰਹਿਣਗੀਆਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਪੀਕਰ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਪਿੰਡ ਢਿੱਲਵਾਂ ਕਲਾਂ ਵਿਖੇ ਸਵ: ਬਾਬਾ ਜਰਨੈਲ ਸਿੰਘ ਦੀ ਯਾਦ ਵਿੱਚ ਬਣੇ ਧਾਰਮਿਕ ਸਥਾਨ ਵਿੱਚ ਮਹੰਤ ਬਾਬਾ ਜਰਨੈਲ ਸਿੰਘ ਯੂਥ ਕਲੱਬ ਨੂੰ 3 ਲੱਖ ਰੁਪਏ ਦਾ ਚੈੱਕ ਸੌਂਪਣ ਪੰਜਾਬ ਨੇ ਕਲੱਬ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਦੇ ਸੇਵਾਦਾਰਾਂ ਨੂੰ ਸੌਂਪਣ ਮੌਕੇ ਕੀਤਾ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਜ਼ਿਲਾ ਪ੍ਰਧਾਨ ਸੁਖਜੀਤ ਸਿੰਘ ਢਿੱਲਵਾਂ ਨੇ ਕਿਹਾ ਕਿ ਸ. ਸੰਧਵਾਂ ਨੇ ਯੂਥ ਕਲੱਬ ਨਾਲ ਵਾਅਦਾ ਕੀਤਾ ਸੀ, ਜਿਸ ਨੂੰ ਅੱਜ ਪੂਰਾ ਕੀਤਾ ਗਿਆ ਹੈ। ਪਿੰਡ ਦੇ ਸਰਪੰਚ ਪਰਮਿੰਦਰ ਸਿੰਘ ਅਤੇ ਰਾਜਵਿੰਦਰ ਸਿੰਘ ਢਿੱਲੋਂ ਪ੍ਰਧਾਨ ਮਹੰਤ ਬਾਬਾ ਜਰਨੈਲ ਸਿੰਘ ਯੂਥ ਕਲੱਬ ਨੇ ਸਪੀਕਰ ਸੰਧਵਾਂ ਅਤੇ ਉਸਦੇ ਨਾਲ ਆਏ ਪਾਰਟੀ ਆਗੂਆਂ ਸੁਖਜੀਤ ਸਿੰਘ ਢਿੱਲਵਾਂ, ਇੰਦਰਜੀਤ ਸਿੰਘ ਨਿਆਮੀਵਾਲਾ ਸਮੇਤ ਸਾਰਿਆਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ਼ ਦਿਵ-ਾਇਆ ਕਿ ਉਨ੍ਹਾਂ ਦੀ ਕਲੱਬ ਜਿੱਥੇ ਪਿੰਡ ਵਿੱਚ ਭਾਈਚਾਰਕ ਸਾਂਝ ਮਜਬੂਤ ਕਰਨ ਲਈ ਯਤਨਸ਼ੀਲ ਰਹੇਗੀ, ਉੱਥੇ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਵਿੱਚ ਵੀ ਤੇਜੀ ਲਿਆਂਦੀ ਜਾਵੇਗੀ। ਅੰਤ ਵਿੱਚ ਕਲੱਬ ਵੱਲੋਂ ਉਕਤ ਸ਼ਖਸ਼ੀਅਤਾਂ ਦਾ ਸਿਰੋਪਾਉ ਦੀ ਬਖਸ਼ਿਸ਼ ਨਾਲ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਉਪਰੋਕਤ ਤੋਂ ਇਲਾਵਾ ਜਗਦੀਪ ਸਿੰਘ ਬੁੱਟਰ, ਪ੍ਰਭਜੀਤ ਸਿੰਘ, ਖੁਸ਼ਵੀਤ ਸਿੰਘ, ਸੁਖਦੀਪ ਸਿੰਘ, ਹਰਿੰਦਰ ਸਿੰਘ, ਗੋਪੀ ਗਿੱਲ, ਕੁਲਦੀਪ ਸਿੰਘ ਬਰਾੜ, ਮਨਪ੍ਰੀਤ ਸਿੰਘ, ਗੁਰਜਿੰਦਰ ਸਿੰਘ ਢਿੱਲੋਂ, ਤਰਸੇਮ ਸਿੰਘ ਢਿੱਲੋਂ, ਹਰਭਜਨ ਸਿੰਘ, ਹਰਜੀਤ ਸਿੰਘ ਫੌਜ਼ੀ, ਜਗਸੀਰ ਸਿੰਘ ਢਿੱਲੋਂ, ਨਿੱਪਾ ਬਰਾੜ, ਰਾਜਵਿੰਦਰ ਕੌਰ, ਮਨਪ੍ਰੀਤ ਸਿੰਘ ਮਨੀ ਧਾਲੀਵਾਲ, ਮਨਿੰਦਰ ਸਿੰਘ, ਗੁਰਿੰਦਰ ਸਿੰਘ ਮਹਿੰਦੀਰੱਤਾ ਸਮੇਤ ਹੋਰ ਵੀ ਪਿੰਡ ਦੇ ਪਤਵੰਤੇ ਤੇ ਸ਼ਖ਼ਸ਼ੀਅਤਾਂ ਹਾਜ਼ਰ ਸਨ।

## ਉੱਘੇ ਪੰਜਾਬੀ ਕਵੀ ਦੇਵ ਰਾਊਕੇ ਦਾ ਦੇਹਾਂਤ, ਪੰਜਾਬੀ ਲੋਕ ਵਿਰਾਸਤ ਅਕਾਡਮੀ ਵੱਲੋਂ ਅਫ਼ਸੋਸ ਦਾ ਪ੍ਰਗਟਾਵਾ



ਲੁਧਿਆਣਾ, 27 ਸਤੰਬਰ (ਪੋਸਟ ਬਿਊਰੋ): ਰਾਊ ਕੇ (ਮੋਗਾ) ਦੇ ਜੰਮਪਲ ਨਾਮਵਰ ਕਵੀ ਦੇਵ ਰਾਊਕੇ ਦੇ ਦੇਹਾਂਤ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਦੇਵ ਰਾਊਕੇ ਮੈਥੋਂ ਭਾਵੇਂ ਛੇ ਸਾਲ ਵੱਡੇ ਸਨ ਪਰ ਸਨੇਹ ਦੇਣ ਲੈਣ ਵਿੱਚ ਕਮਾਲ ਦੇ ਇਨਸਾਨ ਸਨ। ਉਹ ਅਕਸਰ ਦੁਖ ਸੁਖ ਤੇ ਖ਼ੁਸ਼ੀ ਗ਼ਮੀ ਦੀ ਭਾਈਵਾਲੀ ਰੱਖਦੇ ਸਨ। ਉਨ੍ਹਾਂ ਦਾ ਦੂਜਾ ਕਾਵਿ ਸੰਗ੍ਰਹਿ ਡਾ: ਨਿਰਮਲ ਜੌੜਾ ਦੀ ਦਿਲਚਸਪੀ ਕਾਰਨ ਅਸੀਂ ਲੁਧਿਆਣਾ ਵਿੱਚ ਲੋਕ ਅਰਪਨ

ਕੈਨੇਡੀਅਨ ਪੰਜਾਬੀ ਪੋਸਟ
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

ਪਲਾਟ ਵਿਕਾਊ
ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ 'ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।
ਫੋਨ ਨੰਬਰ 917837596119
647-760-2769

ਫੋਨਾਂ ਦੇ ਸਸਤੇ ਪਲਾਨ ਗਾਰੰਟਿਡ
ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਉਗੇ ਹੈਰਾਨ,
ਇਕ ਵਾਰੀ ਅਜਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓ
20 ਸਾਲਾਂ ਤੋ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਫਰੀ ਪਿਕਅਪ
Best Rates For Lessons
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

ਕੇਅਰ ਗਿਵਰ ਦੀ ਲੋੜ
ਬਜੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। 'PR' ਲਈ ਮੱਦਦ ਕੀਤੀ ਜਾਵੇਗੀ। Location 'Winnipeg, MB' ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:
204-333-9000, 416-818-3777

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਘੁੰਮਣ














FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017